ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਸੋਮਵਾਰ, 8 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੨੫ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਅਮਰੀਕਾ 'ਚ ਪੀਜ਼ਾ ਡਿਲੀਵਰੀ ਕਰਨ ਗਏ ਭਾਰਤੀ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ ?

**ਵਾਸ਼ਿੰਗਟਨ, 7 ਜੂਨ (ਆਵਾਜ਼ਿ ਕੌਮ ਬਿਊਰੋ)**- ਅਮਰੀਕਾ ਵਿੱਚ ਭਾਰਤੀਆਂ 'ਤੇ ਹਮਲਿਆਂ ਵਿੱਚ ਕਮੀ ਦੇ ਕੋਈ ਸੰਕੇਤ ਨਹੀਂ ਮਿਲ ਰਹੇ ਹਨ। ਤਾਜ਼ਾ ਘਟਨਾ ਪੈਨਸਿਲਵੇਨੀਆ ਰਾਜ ਦੇ ਫਿਲਾਡੇਲਫੀਆ ਤੋਂ ਆਈ ਹੈ, ਜਿੱਥੇ ਪੀਜ਼ਾ ਡਿਲੀਵਰੀ ਕਰਨ ਵਾਲੇ ਇੱਕ ਭਾਰਤੀ ਵਿਅਕਤੀ ਦੀ ਗੋਲੀ ਮਾਰ ਕੇ ਹੱਤਿਆ ਕਰ



ਦਿੱਤੀ ਗਈ। ਸਥਾਨਕ ਰਿਪੋਰਟਾਂ ਦੇ ਅਨੁਸਾਰ ਇਹ ਘਟਨਾ ਸ਼ੁੱਕਰਵਾਰ ਦੇਰ ਰਾਤ ਉੱਤਰੀ ਫਿਲਾਡੇਲਫੀਆ ਵਿੱਚ ਵਾਪਰੀ। ਉਸਦੀ ਪਛਾਣ ਅੰਸ਼ੁਲ ਕੁੰਚਾ ਵਜੋਂ ਹੋਈ ਹੈ। ਖ਼ਬਰਾਂ ਅਨੁਸਾਰ ਕੁੱਝ ਲੋਕਾਂ ਨੇ ਪੀਜ਼ਾ ਆਰਡਰ ਕੀਤਾ ਅਤੇ ਬਾਅਦ ਵਿੱਚ ਡਿਲੀਵਰੀ ਵਰਕਰ ਦੇ ਸਿਰ ਵਿੱਚ ਗੋਲੀ ਮਾਰ ਦਿੱਤੀ, ਜਿਸਦੇ ਨਤੀਜੇ ਵਜੋਂ ਉਸਦੀ ਮੌਤ ਹੋ ਗਈ। ਪੀੜਤ ਇੱਕ 28 ਸਾਲਾ ਵਿਅਕਤੀ ਸੀ; ਪੁਲਿਸ ਨੇ ਉਸਨੂੰ ਟੈਂਪਲ ਯੂਨੀਵਰਸਿਟੀ ਹਸਪਤਾਲ ਪਹੁੰਚਾਇਆ, ਜਿੱਥੇ ਉਸਨੂੰ ਲਗਭਗ 1:00 ਵਜੇ (ਸ਼ੁੱਕਰਵਾਰ-ਸ਼ਨੀਵਾਰ ਰਾਤ) ਮ੍ਰਿਤਕ ਐਲਾਨ ਦਿੱਤਾ ਗਿਆ।

## ਟਲਿਆ ਵੱਡਾ ਹਾਦਸਾ

# ਪਾਕਿ ਸੁਰੱਖਿਆ ਬਲਾਂ ਨੇ ਵਿਸਫੋਟਕਾਂ ਨਾਲ ਭਰੀ ਗੱਡੀ ਕੀਤੀ ਨਸ਼ਟ



**ਪਿਸ਼ਾਵਰ, 7 ਜੂਨ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਵਿਚ ਇਕ ਵੱਡਾ ਆਤਮਘਾਤੀ ਹਮਲਾ ਟਲ ਗਿਆ ਹੈ। ਸੁਰੱਖਿਆ ਬਲਾਂ ਨੇ ਉੱਤਰ-ਪੱਛਮੀ ਪਾਕਿਸਤਾਨ ਵਿੱਚ ਵਿਸਫੋਟਕਾਂ ਨਾਲ ਭਰੀ ਗੱਡੀ ਨੂੰ ਨਸ਼ਟ ਕਰਨ ਲਈ ਡਰੋਨ ਹਮਲੇ ਦੀ ਵਰਤੋਂ ਕੀਤੀ। ਪੁਲਿਸ ਨੇ ਐਤਵਾਰ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ। ਪੁਲਿਸ ਨੇ ਦੱਸਿਆ ਕਿ ਵਿਸਫੋਟਕਾਂ ਨਾਲ ਭਰੀ ਗੱਡੀ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਤੋਂ ਪਹਿਲਾਂ ਹੀ ਨਸ਼ਟ ਕਰ ਦਿੱਤਾ ਗਿਆ ਸੀ ਅਤੇ ਦਾਅਵਾ ਕੀਤਾ ਕਿ ਇਸਦੀ ਵਰਤੋਂ ਆਤਮਘਾਤੀ ਹਮਲੇ ਵਿੱਚ ਕੀਤੀ ਜਾਣੀ ਸੀ। ਸ਼ਨੀਵਾਰ ਨੂੰ ਅਸ਼ਾਂਤ ਖੈਬਰ ਪਖਤੂਨਖਵਾ ਸੂਬੇ ਦੇ ਉੱਤਰੀ ਵਜ਼ੀਰਿਸਤਾਨ ਜ਼ਿਲ੍ਹੇ ਦੇ ਸਾਰਾਹ ਘਰਾਹ ਖੇਤਰ ਵਿੱਚ ਵਾਹਨ ਨੂੰ ਨਿਸ਼ਾਨਾ ਬਣਾਇਆ ਗਿਆ।ਜਾਨੀ ਨੁਕਸਾਨ ਜਾਂ ਸ਼ਾਮਲ ਸ਼ੱਕੀ ਅੱਤਵਾਦੀਆਂ ਦੀ ਪਛਾਣ ਬਾਰੇ ਵੇਰਵੇ ਪਤਾ ਨਹੀਂ ਹਨ। ਉੱਤਰ-ਪੱਛਮੀ ਪਾਕਿਸਤਾਨ ਵਿੱਚ ਖੈਬਰ ਪਖਤੂਨਖਵਾ ਖੇਤਰ ਨੂੰ ਪਿਛਲੇ ਸਾਲਾਂ ਦੌਰਾਨ ਅੱਤਵਾਦੀ ਹਿੰਸਾ, ਅਫਗਾਨਿਸਤਾਨ ਤੋਂ ਲੜਾਕਿਆਂ ਦੀ ਸਰਹੱਦ ਪਾਰ ਆਵਾਜਾਈ ਅਤੇ ਵਾਰ-ਵਾਰ ਫੌਜੀ ਕਾਰਵਾਈਆਂ ਕਾਰਨ ਲਗਾਤਾਰ ਅਸ਼ਾਂਤੀ ਦਾ ਸਾਹਮਣਾ ਕਰਨਾ ਪਿਆ ਹੈ।

## 6 ਜ਼ਿਲ੍ਹਿਆਂ 'ਚ IMD ਨੇ ਜਾਰੀ ਕਰ 'ਤਾ ਅਲਰਟ !

**ਚੰਡੀਗੜ੍ਹ, 7 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੌਸਮ ਦੀ ਨਵੀਂ ਅਪਡੇਟ ਸਾਹਮਣੇ ਆਈ ਹੈ। ਮੌਸਮ ਵਿਭਾਗ ਨੇ ਅੱਜ ਤੋਂ ਲੈ ਕੇ 12 ਜੂਨ ਤੱਕ ਪੰਜਾਬ ਦੇ ਮੌਸਮ ਸਬੰਧੀ ਵੱਡੀ ਭਵਿੱਖਬਾਣੀ ਕੀਤੀ ਹੈ। ਮੌਸਮ ਵਿਭਾਗ ਵੱਲੋਂ ਕੀਤੀ ਗਈ ਭਵਿੱਖਬਾਣੀ ਮੁਤਾਬਕ ਅੱਜ ਲਈ ਵਿਭਾਗ ਨੇ 6 ਜ਼ਿਲ੍ਹਿਆਂ 'ਚ ਮੌਸਮ ਖ਼ਰਾਬ ਰਹਿਣ ਦੀ ਸੰਭਾਵਨਾ ਜਤਾਈ ਹੈ। ਇਸ ਦੇ ਲਈ ਵਿਭਾਗ ਨੇ ਯੈਲੋ ਅਲਰਟ ਵੀ ਜਾਰੀ ਕੀਤਾ ਹੈ। ਇਨ੍ਹਾਂ ਜ਼ਿਲ੍ਹਿਆਂ ਵਿਚ 50-60 ਕਿਲੋਮੀਟਰ ਦੀ ਤੇਜ਼ ਰਫ਼ਤਾਰ ਨਾਲ ਹਵਾਵਾਂ ਚੱਲਣ ਦੇ ਨਾਲ-ਨਾਲ ਬਿਜਲੀ ਗਰਜਣ ਅਤੇ ਬਾਰਿਸ਼ ਦੀ ਸੰਭਾਵਨਾ ਜਤਾਈ ਗਈ ਹੈ। ਮੌਸਮ ਵਿਭਾਗ ਨੇ ਪਠਾਨਕੋਟ, ਹੁਸ਼ਿਆਰਪੁਰ, ਗੁਰਦਾਸਪੁਰ, ਮੁਕਤਸਰ, ਬਠਿੰਡਾ ਅਤੇ ਮਾਨਸਾ ਵੀ ਹਨ੍ਹੇਰੀ-ਤੂਫ਼ਾਨ ਦਾ ਯੈਲੋ ਅਲਰਟ ਜਾਰੀ ਕੀਤਾ ਹੈ। 8 ਜੂਨ ਲਈ ਕੀਤੀ ਗਈ ਭਵਿੱਖਬਾਣੀ ਮੁਕਾਬਕ ਪੰਜਾਬ ਵਿਚ ਮੌਸਮ ਖ਼ੁਸ਼ਕ ਰਹੇਗਾ। ਵਿਭਾਗ ਨੇ ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ ਸਾਹਿਬ, ਬਠਿੰਡਾ, ਮਾਨਸਾ ਵਿਚ ਹੀਟ ਵੇਵ ਦੀ ਚਿਤਾਵਨੀ ਜਾਰੀ ਕੀਤੀ ਹੈ। ਇਨ੍ਹਾਂ ਜ਼ਿਲ੍ਹਿਆਂ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਉਥੇ ਹੀ 9 ਜੂਨ ਲਈ ਵਿਭਾਗ ਨੇ ਪੰਜਾਬ 'ਚ ਮੌਸਮ ਖ਼ੁਸ਼ਕ ਰਹਿਣ ਦੀ ਹੀ ਭਵਿੱਖਬਾਣੀ ਕੀਤੀ ਹੈ। ਹੀਟ ਵੇਵ ਦਾ ਕਹਿਰ ਪੰਜਾਬ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿਚ ਵੇਖਣ ਨੂੰ ਮਿਲੇਗਾ। 10 ਜੂਨ ਨੂੰ ਪੂਰੇ ਸੂਬੇ ਲਈ ਮੌਸਮ ਵਿਭਾਗ ਨੇ ਹੀਟ ਵੇਵ ਦੀ ਚਿਤਾਵਨੀ ਜਾਰੀ ਕੀਤੀ ਹੈ। 11 ਜੂਨ ਨੂੰ ਜ਼ਿਆਦਾਤਰ ਜ਼ਿਲ੍ਹਿਆਂ ਵਿਚ ਹੀਟ ਵੇਵ ਰਹੇਗੀ ਅਤੇ ਕੁਝ ਜ਼ਿਲ੍ਹਿਆਂ ਵਿਚ ਮੌਸਮ ਵਿਚ ਤਬਦੀਲੀ ਵੇਖਣ ਨੂੰ ਮਿਲੇਗੀ। ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਮੋਹਾਲੀ ਵਿਚ ਮੌਸਮ ਖ਼ਰਾਬ ਰਹਿਣ ਦੇ ਸੰਕੇਤ ਮਿਲੇ ਹਨ। ਇਨ੍ਹਾਂ ਜ਼ਿਲ੍ਹਿਆਂ ਵਿਚ ਬੱਦਲ ਗਰਜਣ ਦੇ ਨਾਲ-ਨਾਲ ਬਿਜਲੀ ਚਮਕੇਗੀ ਅਤੇ ਬਾਰਿਸ਼ ਦੀ ਵੀ ਸੰਭਾਵਨਾ ਜਤਾਈ ਗਈ ਹੈ। ਫਿਲਹਾਲ 8 ਜੂਨ ਤੋਂ ਲੈ ਕੇ 10 ਜੂਨ ਤੱਕ ਗਰਮੀ ਕਹਿਰ ਵਰਾਏਗੀ ਅਤੇ ਹੀਟ ਵੇਵ ਦੀ ਚਿਤਾਵਨੀ ਰਹੇਗੀ। 12 ਤਾਰੀਖ਼ ਨੂੰ ਫਿਰ ਮੌਸਮ 'ਚ ਬਦਲਾਅ ਆਉਣਗੇ। ਵਿਭਾਗ ਮੁਤਾਬਕ ਜੰਮੂ-ਕਸ਼ਮੀਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਇਕ ਪੱਛਮੀ ਗੜਬੜੀ ਸਰਗਰਮ ਹੈ। ਇਸ ਨਾਲ ਉੱਤਰੀ ਭਾਰਤ ਦੇ ਪਹਾੜੀ ਇਲਾਕਿਆਂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਮੌਸਮ ਵਿੱਚ ਤਬਦੀਲੀ ਆ ਸਕਦੀ ਹੈ।

## ਪੰਜਾਬ ਭਾਜਪਾ ਨੂੰ ਵੱਡਾ ਝਟਕਾ, ਜਨਰਲ ਸਕੱਤਰ ਜਗਮੋਹਨ ਰਾਜੂ ਨੇ ਅਹੁਦੇ ਤੋਂ ਦਿੱਤਾ ਅਸਤੀਫਾ

**ਚੰਡੀਗੜ੍ਹ, 7 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਚੋਣਾਂ 2027 'ਚ ਹੁਣ ਕੁੱਝ ਹੀ ਮਹੀਨੇ ਬਚੇ ਹਨ, ਪਰ ਚੋਣਾਂ ਦੀਆਂ ਤਿਆਰੀਆਂ 'ਚ ਜੁਟੀ ਪੰਜਾਬ ਭਾਜਪਾ



ਨੂੰ ਪਹਿਲਾਂ ਹੀ ਵੱਡਾ ਝਟਕਾ ਲੱਗਿਆ ਹੈ। ਸੀਨੀਅਰ ਆਗੂ ਤੇ ਪੰਜਾਬ 'ਚ ਪਾਰਟੀ ਦੇ ਜਨਰਲ ਸਕੱਤਰ ਡਾ. ਜਗਮੋਹਨ ਸਿੰਘ ਰਾਜੂ (ਸਾਬਕਾ ਆਈਏਐਸ) ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਡਾ. ਰਾਜੂ ਨੇ ਆਪਣੇ ਅਹੁਦੇ ਪਿੱਛੇ ਜਨਤਕ ਮੁੱਦਿਆਂ ਪ੍ਰਤੀ ਆਪਣੀ ਵਚਨਬੱਧਤਾ ਦਾ ਹਵਾਲਾ ਦਿੰਦਿਆਂ ਇੱਕ ਚਿੱਠੀ ਸੰਗਠਨ ਮੰਤਰੀ ਸ਼੍ਰੀਨਿਵਾਸੂਲੂ ਨੂੰ ਭੇਜਿਆ ਹੈ। ਦੱਸ ਦਈਏ ਕਿ ਡਾ. ਰਾਜੂ ਦਾ ਇਹ ਅਸਤੀਫਾ ਅਜਿਹੇ ਸਮੇਂ ਆਇਆ ਹੈ, ਜਦੋਂ ਅਜੇ ਕੁੱਝ ਦਿਨ ਪਹਿਲਾਂ ਹੀ ਭਾਜਪਾ ਹਾਈਕਮਾਂਡ ਨੇ ਪੰਜਾਬ ਦੇ ਨਵੇਂ ਪ੍ਰਧਾਨ ਵੱਜੋਂ ਸਾਬਕਾ ਵਿਧਾਇਕ ਕੇਵਲ ਸਿੰਘ ਢਿੱਲੋਂ ਦਾ ਐਲਾਨ ਕੀਤਾ ਹੈ। ਜ਼ਿਕਰਯੋਗ ਹੈ ਕਿ ਕੇਵਲ ਸਿੰਘ ਢਿੱਲੋਂ ਦੇ ਪੰਜਾਬ ਪ੍ਰਧਾਨ ਐਲਾਨ ਜਾਣ ਤੋਂ ਪਹਿਲਾਂ ਡਾ. ਰਾਜੂ ਵੀ ਇਸ ਦੌੜ ਵਿੱਚ ਸ਼ਾਮਲ ਸਨ। ਹਾਲਾਂਕਿ, ਡਾ. ਜਗਮੋਹਨ ਸਿੰਘ ਰਾਜੂ ਨੇ ਆਪਣੇ ਅਹੁਦੇ ਤੋਂ ਅਸਤੀਫਾ ਦਿੰਦੇ ਹੋਏ ਲਿਖੀ ਚਿੱਠੀ ਵਿੱਚ ਸੰਗਠਨ ਮੰਤਰੀ ਮੰਥਰੀ ਸ੍ਰੀਨਿਵਾਸੁਲੂ ਨੂੰ ਫਿਲਹਾਲ ਵੱਡੀਆਂ ਸੰਗਠਨਕ ਜ਼ਿੰਮੇਵਾਰੀਆਂ ਤੋਂ ਮੁਕਤ ਕਰਨ ਦੀ ਬੇਨਤੀ ਕੀਤੀ ਹੈ। ਡਾ. ਰਾਜੂ ਨੇ 5 ਜੂਨ 2026 ਨੂੰ ਲਿਖੇ ਪੱਤਰ ਵਿੱਚ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਉਨ੍ਹਾਂ ਨੂੰ ਪੰਜਾਬ ਭਾਜਪਾ ਵਿੱਚ ਉਪ ਪ੍ਰਧਾਨ ਅਤੇ ਜਨਰਲ ਸਕੱਤਰ ਵਜੋਂ ਸੇਵਾ ਕਰਨ ਦਾ ਮੌਕਾ ਮਿਲਿਆ, ਜੋ ਉਨ੍ਹਾਂ ਦੇ ਰਾਜਨੀਤਿਕ ਜੀਵਨ ਦੇ ਸਭ ਤੋਂ ਮਹੱਤਵਪੂਰਨ ਸਮਿਆਂ ਵਿੱਚੋਂ ਇੱਕ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੰਗਠਨਕ ਕੰਮਾਂ ਦੇ ਨਾਲ-ਨਾਲ ਉਹ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ, ਪੰਜਾਬ ਦੇ ਨੌਜਵਾਨਾਂ ਲਈ ਸਿੱਖਿਆ, ਆਰਟੀਈ ਤਹਿਤ ਗਰੀਬ ਬੱਚਿਆਂ ਦੇ ਹੱਕ, ਅਨੁਸੂਚਿਤ ਜਾਤੀਆਂ ਅਤੇ ਸਿੱਖਾਂ ਦੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ, ਧਰਮ ਪਰਿਵਰਤਨ, ਨਸ਼ਿਆਂ ਅਤੇ ਸ਼ਰਾਬਬੰਦੀ, ਪੰਜਾਬੀ ਭਾਸ਼ਾ ਦੀ ਮਹੱਤਤਾ ਅਤੇ ਪੰਜਾਬ-ਚੰਡੀਗੜ੍ਹ ਨਾਲ ਜੁੜੇ ਮੁੱਦਿਆਂ 'ਤੇ ਸਰਗਰਮ ਤੌਰ 'ਤੇ ਕੰਮ ਕਰ ਰਹੇ ਹਨ। ਡਾ. ਰਾਜੂ ਨੇ ਕਿਹਾ ਕਿ ਇਹ ਮੁੱਦੇ ਪੰਜਾਬ ਅਤੇ ਦੇਸ਼ ਦੇ ਭਵਿੱਖ ਨਾਲ ਜੁੜੇ ਲੰਬੇ ਸਮੇਂ ਦੇ ਅਹਿਮ ਵਿਸ਼ੇ ਹਨ, ਜਿਨ੍ਹਾਂ ਲਈ ਵੱਧ ਸਮਾਂ, ਯਾਤਰਾ ਅਤੇ ਲਗਾਤਾਰ ਜਨ ਸੰਪਰਕ ਦੀ ਲੋੜ ਹੈ। ਇਸ ਲਈ ਉਹ ਇਨ੍ਹਾਂ ਮਸਲਿਆਂ 'ਤੇ ਜਨ ਜਾਗਰੂਕਤਾ, ਖੋਜ, ਲੇਖਨ, ਕਾਨੂੰਨੀ ਦਖ਼ਲਅੰਦਾਜ਼ੀ ਅਤੇ ਲੋਕ ਸੰਪਰਕ ਮੁਹਿੰਮਾਂ ਨੂੰ ਵਧੇਰੇ ਸਮਾਂ ਦੇਣਾ ਚਾਹੁੰਦੇ ਹਨ। ਉਨ੍ਹਾਂ ਪਾਰਟੀ ਤੋਂ ਬੇਨਤੀ ਕੀਤੀ ਹੈ ਕਿ ਫਿਲਹਾਲ ਉਨ੍ਹਾਂ ਨੂੰ ਅਜਿਹੀ ਕੋਈ ਵੱਡੀ ਸੰਗਠਨਕ ਜ਼ਿੰਮੇਵਾਰੀ ਨਾ ਦਿੱਤੀ ਜਾਵੇ, ਜਿਸ ਲਈ ਪੂਰਾ ਸਮਾਂ ਦੇਣਾ ਲਾਜ਼ਮੀ ਹੋਵੇ।

## ਦਿੱਲੀ ਦੀ ਅਦਾਲਤ ਨੇ ਸਿੱਖ ਕਤਲੇਆਮ ਵਿਚ ਨਾਮਜਦ ਜਗਦੀਸ਼ ਟਾਈਟਲਰ ਨੂੰ ਪਾਸਪੋਰਟ ਨਵਿਆਉਣ ਲਈ ਐਨਓਸੀ ਦਿੱਤਾ

**ਨਵੀਂ ਦਿੱਲੀ 7 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੀ ਇੱਕ ਅਦਾਲਤ ਨੇ ਸ਼ਨੀਵਾਰ ਨੂੰ ਕਾਂਗਰਸੀ ਨੇਤਾ ਜਗਦੀਸ਼ ਟਾਈਟਲਰ, ਜੋ 1984 ਦੇ ਸਿੱਖ ਕਤਲੇਆਮ ਦੇ ਮਾਮਲਿਆਂ ਵਿੱਚ ਮੁਕੱਦਮੇ ਦੀ ਸੁਣਵਾਈ



ਕਰ ਰਿਹਾ ਹੈ, ਵੱਲੋਂ ਆਪਣਾ ਪਾਸਪੋਰਟ ਨਵਿਆਉਣ ਲਈ 'ਨੋ ਇਤਰਾਜ਼ ਸਰਟੀਫਿਕੇਟ' (ਐਨਓਸੀ) ਦੀ ਅਰਜ਼ੀ ਨੂੰ ਮਨਜ਼ੂਰੀ ਦੇ ਦਿੱਤੀ, ਪਰ ਕਿਹਾ ਕਿ ਓਹ ਅਦਾਲਤ ਦੀ ਇਜਾਜਤ ਤੋਂ ਬਿਨਾਂ ਵਿਦੇਸ਼ ਯਾਤਰਾ ਨਹੀਂ ਕਰ ਸਕਦਾ ਹੈ। ਜਗਦੀਸ਼ ਟਾਈਟਲਰ ਦੁਆਰਾ ਦਾਇਰ 1 ਜੂਨ ਦੀ ਅਰਜ਼ੀ ਦਾ ਨਿਪਟਾਰਾ

ਆਵਾਜ਼ਿ ਕੌਮ AWAZE QAUM International Newspaper & WEB TV

ਕਰਦਿਆਂ ਵਿਸ਼ੇਸ਼ ਜੱਜ ਜਤਿੰਦਰ ਸਿੰਘ ਨੇ ਇਹ ਵੀ ਕਿਹਾ ਕਿ ਇਹ ਹੁਕਮ ਪਾਸਪੋਰਟ ਜਾਰੀ ਕਰਨ ਦੇ ਅਥਾਰਟੀ ਨੂੰ "ਨਿਰਦੇਸ਼ ਨਹੀਂ" ਹੈ ਅਤੇ ਸਿਰਫ਼ 'ਕੋਈ ਇਤਰਾਜ਼ ਨਹੀਂ' ਹੈ। ਜੱਜ ਸਾਹਿਬ ਨੇ ਕਿਹਾ, "ਬਿਨੈਕਾਰ ਮੁਕੱਦਮੇ ਦੌਰਾਨ ਨਿਯਮਿਤ ਤੌਰ 'ਤੇ ਅਦਾਲਤ ਵਿੱਚ ਪੇਸ਼ ਹੋ ਰਿਹਾ ਹੈ ਅਤੇ ਉਸ 'ਤੇ ਲਗਾਈਆਂ ਗਈਆਂ ਸ਼ਰਤਾਂ ਦੀ ਉਲੰਘਣਾ ਨੂੰ ਦਰਸਾਉਣ ਲਈ ਰਿਕਾਰਡ ਵਿੱਚ ਕੁਝ ਵੀ ਨਹੀਂ ਹੈ। ਜੱਜ ਸਾਹਿਬ ਨੇ ਕਿਹਾ ਕਿ ਕਾਰਵਾਈ ਦੇ ਲੰਬਿਤ ਹੋਣ ਦੌਰਾਨ ਟਾਈਟਲਰ ਦਾ ਵਿਵਹਾਰ ਸੀਬੀਆਈ ਦੁਆਰਾ ਜਤਾਏ ਗਏ ਖਦਸ਼ੇ ਨੂੰ ਜਾਇਜ਼ ਨਹੀਂ ਠਹਿਰਾਉਂਦਾ ਕਿ ਜੇਕਰ ਇਜਾਜ਼ਤ ਮਿਲ ਜਾਂਦੀ ਹੈ ਤਾਂ ਉਹ ਫਰਾਰ ਹੋ ਸਕਦਾ ਹੈ ਜਾਂ ਕਾਨੂੰਨ ਦੀ ਪ੍ਰਕਿਰਿਆ ਤੋਂ ਬਚ ਸਕਦਾ ਹੈ।

ਅਦਾਲਤ ਨੇ ਕਿਹਾ, "ਇਸ ਅਨੁਸਾਰ, ਬਿਨੈਕਾਰ ਜਗਦੀਸ਼ ਟਾਈਟਲਰ ਨੂੰ 10 ਸਾਲਾਂ ਦੀ ਮਿਆਦ ਲਈ ਨਵਾਂ ਪਾਸਪੋਰਟ ਜਾਰੀ ਕਰਨ ਲਈ 'ਕੋਈ ਇਤਰਾਜ਼ ਨਹੀਂ' ਦਿੱਤਾ ਜਾਂਦਾ ਹੈ, ਬਸ਼ਰਤੇ ਕਿ ਪਾਸਪੋਰਟ ਜਾਰੀ ਕਰਨ ਲਈ ਲਾਗੂ ਨਿਯਮਾਂ ਅਤੇ ਨਿਯਮਾਂ ਵਿੱਚ ਦੱਸੀਆਂ ਜ਼ਰੂਰਤਾਂ ਦੀ ਪੂਰਤੀ ਕੀਤੀ ਜਾਵੇ। ਇਸ ਵਿੱਚ ਕਿਹਾ ਗਿਆ ਹੈ ਕਿ ਟਾਈਟਲਰ ਇਸ ਅਦਾਲਤ ਦੀ ਅਗਾਊਂ ਇਜਾਜ਼ਤ ਲਏ ਬਿਨਾਂ ਵਿਦੇਸ਼ ਯਾਤਰਾ ਨਹੀਂ ਕਰੇਗਾ।

ਜੱਜ ਸਾਹਿਬ ਨੇ ਕਿਹਾ, "ਬਿਨੈਕਾਰ ਨੂੰ ਨਵਾਂ ਪਾਸਪੋਰਟ ਜਾਰੀ ਹੋਣ ਦੇ ਇੱਕ ਹਫ਼ਤੇ ਦੇ ਅੰਦਰ ਇਸ ਅਦਾਲਤ ਵਿੱਚ ਜਮ੍ਹਾ ਕਰਵਾਉਣ ਦਾ ਨਿਰਦੇਸ਼ ਦਿੱਤਾ ਜਾਂਦਾ ਹੈ। ਹਾਲਾਂਕਿ, ਇਹ ਹੁਕਮ ਕਿਸੇ ਵੀ ਪਾਸਪੋਰਟ ਅਥਾਰਟੀ ਨੂੰ ਇਸਨੂੰ ਜਾਰੀ ਕਰਨ ਦੇ ਨਿਰਦੇਸ਼ ਦੇ ਬਰਾਬਰ ਨਹੀਂ ਹੋਵੇਗਾ ਅਤੇ ਇਹ ਪਾਸਪੋਰਟ ਜਾਰੀ ਕਰਨ ਲਈ ਸਿਰਫ 'ਕੋਈ ਇਤਰਾਜ਼ ਨਹੀਂ' ਹੈ।"

## ਉਤਰਾਖੰਡ ਦੇ ਰੁਦਰਪ੍ਰਯਾਗ ਨੇੜੇ XUV ਖੱਡ 'ਚ ਡਿੱਗੀ, 5 ਜ਼ਖਮੀ



**ਰਿਸ਼ੀਕੇਸ਼, 7 ਜੂਨ (ਆਵਾਜ਼ਿ ਕੌਮ ਬਿਊਰੋ)**-ਐਤਵਾਰ ਸਵੇਰੇ ਕੇਦਾਰਨਾਥ ਰਾਸ਼ਟਰੀ ਰਾਜਮਾਰਗ 'ਤੇ ਤਿਲਵਾੜਾ ਪੈਟਰੋਲ ਪੰਪ ਦੇ ਨੇੜੇ ਇੱਕ ਐਸਯੂਵੀ ਦੇ ਕੰਟਰੋਲ ਗੁਆਉਣ ਅਤੇ 50 ਮੀਟਰ ਡੂੰਘੀ ਖੱਡ ਵਿੱਚ ਡਿੱਗਣ ਕਾਰਨ ਦੋ ਔਰਤਾਂ ਸਮੇਤ ਪੰਜ ਲੋਕ ਜ਼ਖਮੀ ਹੋ ਗਏ। ਪੀੜਤ ਪੱਛਮੀ ਬੰਗਾਲ ਤੋਂ ਕੇਦਾਰਨਾਥ ਮੰਦਰ ਜਾ ਰਹੇ ਸਨ। ਉਨ੍ਹਾਂ ਕਿਹਾ ਕਿ ਐਸਯੂਵੀ ਵਿੱਚ ਸਵਾਰ ਸਾਰੇ ਯਾਤਰੀਆਂ ਨੂੰ ਸੁਰੱਖਿਅਤ ਬਚਾ ਲਿਆ ਗਿਆ। ਇਹ ਘਟਨਾ ਰੁਦਰਪ੍ਰਯਾਗ ਅਤੇ ਅਗਸਤਯਮੁਨੀ ਦੇ ਵਿਚਕਾਰ ਵਾਪਰੀ, ਜਦੋਂ ਮਹਿੰਦਰਾ XUV700 ਇੱਕ ਪਹਾੜੀ ਤੋਂ ਹੇਠਾਂ ਡਿੱਗ ਗਈ ਅਤੇ ਮੰਦਾਕਿਨੀ ਨਦੀ ਦੇ ਕੰਢੇ 'ਤੇ ਘੱਟ ਪਾਣੀ ਵਿੱਚ ਪਲਟ ਗਈ। ਸੂਚਨਾ ਮਿਲਣ 'ਤੇ ਤਿਲਵਾੜਾ ਚੌਕੀ ਅਤੇ ਅਗਸਤਯਮੁਨੀ ਪੁਲਿਸ ਸਟੇਸ਼ਨ ਦੇ ਪੁਲਸ ਕਰਮਚਾਰੀ ਮੌਕੇ 'ਤੇ ਪਹੁੰਚੇ।

ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ, ਜ਼ਿਲ੍ਹਾ ਡਿਜ਼ਾਸਟਰ ਰਿਸਪਾਂਸ ਫੋਰਸ, ਅਤੇ 108 ਐਮਰਜੈਂਸੀ ਐਂਬੂਲੈਂਸ ਸੇਵਾ ਦੀਆਂ ਟੀਮਾਂ ਨੂੰ ਵੀ ਤੁਰੰਤ ਤਾਇਨਾਤ ਕੀਤਾ ਗਿਆ। ਪੁਲਿਸ ਨੇ ਕਿਹਾ ਕਿ ਪੁਲਸ, SDRF ਤੇ DDRF ਦੁਆਰਾ ਸਾਂਝੇ ਆਪ੍ਰੇਸ਼ਨ ਦੌਰਾਨ ਪਲਟ ਗਈ ਐਸਯੂਵੀ ਵਿੱਚੋਂ ਸਾਰੇ ਪੰਜ ਲੋਕਾਂ ਨੂੰ ਸੁਰੱਖਿਅਤ ਬਚਾ ਲਿਆ ਗਿਆ।

ਇਸ ਹਾਦਸੇ ਵਿੱਚ ਦੋ ਔਰਤਾਂ ਨੂੰ ਗੰਭੀਰ ਸੱਟਾਂ ਲੱਗੀਆਂ, ਜਿਨ੍ਹਾਂ ਵਿੱਚ ਫਰੈਕਚਰ ਵੀ ਸ਼ਾਮਲ ਹੈ। ਡਰਾਈਵਰ ਅਤੇ ਦੋ ਹੋਰ ਆਦਮੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ। ਸਾਰੇ ਜ਼ਖਮੀ ਯਾਤਰੀਆਂ ਨੂੰ ਜ਼ਿਲ੍ਹਾ ਹਸਪਤਾਲ, ਰੁਦਰਪ੍ਰਯਾਗ ਵਿੱਚ ਤਬਦੀਲ ਕਰ ਦਿੱਤਾ ਗਿਆ। ਪੁਲਸ ਦੇ ਅਨੁਸਾਰ, ਜ਼ਖਮੀਆਂ ਦੀ ਪਛਾਣ ਝਾਰਖੰਡ ਦੇ ਪਲਾਮੂ ਦੇ ਰਹਿਣ ਵਾਲੇ ਪ੍ਰਿੰਸ ਸਿੰਘ (30), ਪੱਛਮੀ ਬੰਗਾਲ ਦੀ ਸਬੀਮਾ ਸਿੰਘ (28), ਅਸਾਮ ਦੇ ਜਲਪਾਈਗੁੜੀ ਦੇ ਰਹਿਣ ਵਾਲੇ ਸੁਜੋਨ ਮੁਖਰਜੀ (27) ਅਤੇ ਰੀਜ਼ਾ ਮੁਖਰਜੀ (30) ਅਤੇ ਉੱਤਰ ਪ੍ਰਦੇਸ਼ ਦੇ ਔਰਈਆ ਦੇ ਰਹਿਣ ਵਾਲੇ ਡਰਾਈਵਰ ਪ੍ਰਦੀਪ ਕੁਮਾਰ (35) ਵਜੋਂ ਹੋਈ ਹੈ।

"੧ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

## ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ......................................10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ......................................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ , ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਹੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਉਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾ ਇਨਾਮ | ਦੂਜਾ ਇਨਾਮ | ਤੀਜਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਚਦੇ ਦੀ ਕੁਸ਼ਤੀ ਗਗਨ ਖਰਾਲਾ ਅਤੇ ਇਕਬਾਲ ਇਨਾਮ ਵਿਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆ ।



ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਈਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000- 11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।



24 ਜੂਨ ਦਿਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਜਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 11 ਸਾਲ ਤੱਕ ਪਹਿਲਾ ਇਨਾਮ-7100, ਦੂਜਾ ਇਨਾਮ-6100 ਰੁਪਏ ਦਿੱਤੇ ਜਾਣਗੇ । [illegible]





24 ਜੂਨ ਦਿਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ । ਪਹਿਲਾ ਇਨਾਮ- ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।



ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ


### ਜੌਹਲ ਹਸਪਤਾਲ

ਦਲ ਖਿਡਾਰੀਆ ਅਤੇ ਬਾਹਰੋ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜ਼ਦੀਕ ਕਰਵਾਇਆ ਜਾਵੇਗਾ ।**

ਜ਼ਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ਼ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ। 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋ ਬਾਹਰ ਕੱਢ ਦਿੱਤਾ ਜਾਵੇਗਾ । 5. ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ਼ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋ ਕੱਢੇ ਜਾਣਗੇ ।



ਰੱਸਾ-ਕੱਸੀ ਕਲੱਬ ਮਿਤੀ 28-6-2026 ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ ਦਿਖਾਏ ਜਾਣਗੇ । malwatv

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਢੱਲਣ ਵੱਲ ਹੈ ।**

**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੌੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰਕੀ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਵਿਸ਼ਵ ਸਾਈਕਲ ਦਿਹਾੜੇ ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# ਵਿਸ਼ਾਲ ਸਾਈਕਲ ਰੈਲੀ ਦਾ ਆਯੋਜਨ










ਤਲਵੰਡੀ ਸਾਬੋ, 7 ਜੂਨ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੇ ਖੇਡ ਐਤ ਯੁਵਾ ਮੰਤਰਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਾਈਸ ਚਾਂਸਲਰ ਪ੍ਰੋ. (ਡਾ.) ਬਲਰਾਜ ਸਿੰਘ ਦੀ ਰਹਿਨੁਮਾਈ ਹੇਠ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ਼ ਸਪੋਰਟਸ ਵੱਲੋਂ ਐੱਨ.ਐੱਸ. ਐੱਸ. ਵਿਭਾਗ ਤੇ 6 ਪੀਬੀਐਨ ਐਨ ਸੀ ਸੀ ਮਲੋਟ ਦੇ ਸਹਿਯੋਗ ਨਾਲ ਵਿਸ਼ਵ ਸਾਈਕਲ ਦਿਹਾੜਾ ਮਨਾਇਆ ਗਿਆ। ਇਸ ਮੌਕੇ ਵਿਸ਼ਾਲ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਨੂੰ ਮੁੱਖ ਮਹਿਮਾਨ ਡੀ. ਐੱਸ.ਪੀ. ਤਲਵੰਡੀ ਸਾਬੋ ਜਸਜਯੋਤ ਸਿੰਘ ਨੇ ਝੰਡੀ ਵਿਖਾ ਕੇ ਰਵਾਨਾ ਕੀਤਾ। ਸਾਈਕਲ ਰੈਲੀ ਵਿੱਚ ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਡਿਪਟੀ ਰਜਿਸਟਰਾਰ ਕੁਲਵੀਰ ਸਿੰਘ, ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕ, ਯੂਨੀਵਰਸਿਟੀ ਦੀ ਗੱਤਕਾ ਟੀਮ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ। ਨਸ਼ੇ ਛੱਡੋ, ਕੋਹੜ ਵੱਡੋ, ਵਾਤਾਵਰਣ ਬਚਾਉ, ਬੂਟੇ ਲਗਾਓ ਆਦਿ ਲੋਕ ਹਿੱਤ ਦੇ ਸੰਦੇਸ਼ਾਂ ਦਾ ਹੋਕਾ ਦਿੰਦੀ, ਇਹ ਸਾਈਕਲ ਰੈਲੀ ਯੂਨੀਵਰਸਿਟੀ ਕੈਂਪਸ ਤੋਂ ਸ਼ੁਰੂ ਹੋ ਕੇ ਤਲਵੰਡੀ ਸਾਬੋ ਦੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਲੰਘੀ। ਇੱਕ ਬੂਟਾ ਮਾਂ ਦੇ ਨਾਮ ਮੁਹਿੰਮ ਤਹਿਤ ਵਾਤਾਵਰਨ ਦੀ ਸਾਂਭ-ਸੰਭਾਲ, ਇਸ ਨੂੰ ਹਰਿਆ ਭਰਿਆ ਰੱਖਣ ਲਈ ਪਤਵੰਤਿਆਂ ਅਤੇ ਵਿਦਿਆਰਥੀਆਂ ਵੱਲੋਂ ਫਲਦਾਰ ਅਤੇ ਛਾਂ ਦਾਰ ਬੂਟੇ ਲਗਾਏ ਗਏ ਤੇ ਉਹਨਾਂ ਦੀ ਸਾਂਭ-ਸੰਭਾਲ ਦਾ ਪ੍ਰਣ ਲਿਆ ਗਿਆ। ਮੁੱਖ ਮਹਿਮਾਨ ਡੀ. ਐੱਸ.ਪੀ. ਤਲਵੰਡੀ ਸਾਬੋ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤੇ ਨਾਅਰੇ "ਫਿਟਨੈਸ ਡੋਜ਼, ਅੱਧਾ ਘੰਟਾ ਹਰ ਰੋਜ਼"ਅਨੁਸਾਰ ਲੋਕਾਂ ਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਆਯੋਜਿਤ ਰੈਲੀ ਉੱਤਮ ਉਪਰਾਲਾ ਹੈ। ਉਹਨਾਂ ਦੱਸਿਆ ਕਿ ਮੌਜੂਦਾ ਜੀਵਨ ਸ਼ੈਲੀ ਕਾਰਣ ਮੋਟਾਪੇ ਦੀ ਸਮੱਸਿਆ ਵਧ ਰਹੀ ਹੈ। ਮੋਟਾਪੇ ਕਾਰਨ ਕਈ ਬਿਮਾਰੀਆਂ ਲੱਗ ਜਾਂਦੀਆਂ ਹਨ, ਉਹਨਾਂ ਤੋਂ ਬਚਾਉ ਅਤੇ ਸ਼ਰੀਰਕ ਤੰਦਰੁਸਤੀ ਪ੍ਰਤੀ ਚੇਤਨਤਾ ਪੈਦਾ ਕਰਨ ਲਈ ਆਯੋਜਕਾਂ ਦੀ ਸ਼ਲਾਘਾ ਕੀਤੀ। ਡਾਇਰੈਕਟਰ ਵਿਦਿਆਰਥੀ ਭਲਾਈ ਨੇ ਸਾਈਕਲ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਈਕਲ ਨਾਲ ਕਿਸੇ ਕਿਸਮ ਦਾ ਪ੍ਰਦੂਸ਼ਣ ਨਹੀਂ ਫੈਲਦਾ ਅਤੇ ਵਾਤਾਵਰਣ ਸਾਫ਼-ਸੁਥਰਾ ਰਹਿੰਦਾ ਹੈ। ਇਸ ਤੋਂ ਇਲਾਵਾ ਲੋਕਾਂ ਨੂੰ ਟੈਫ੍ਰਿਕ ਜਾਮ ਦੀ ਸਮੱਸਿਆ ਤੋਂ ਵੀ ਛੁਟਕਾਰਾ ਮਿਲਦਾ ਹੈ। ਉਹਨਾਂ ਕਿਹਾ ਕਿ ਵੱਧ ਰਹੇ ਵਾਤਾਵਰਣ ਪ੍ਰਦੂਸ਼ਣ ਤੋਂ ਬਚਣ ਲਈ ਸਾਨੂੰ ਸਾਈਕਲ ਦਾ ਇਸਤੇਮਾਲ ਵੱਧ ਤੋਂ ਵੱਧ ਕਰਨਾ ਚਾਹੀਦਾ ਹੈ। ਇਸ ਮੌਕੇ ਡਾਇਰੈਕਟਰ ਸਪੋਰਟਸ ਡਾ. ਬਲਵਿੰਦਰ ਸ਼ਰਮਾ ਨੇ ਦੱਸਿਆ ਕਿ ਰੈਲੀ ਵਿੱਚ ਯੂਨੀਵਰਸਿਟੀ ਦੇ ਲਗਭਗ 300 ਵਿਦਿਆਰਥੀਆਂ ਅਤੇ ਐਨ.ਸੀ.ਸੀ. ਦੇ ਕੈਡਿਟਾਂ ਨੇ ਸ਼ਿਰਕਤ ਕੀਤੀ। ਉਹਨਾਂ ਦੱਸਿਆ ਕਿ ਦੁਨੀਆਂ ਵਿੱਚ ਪੈਟਰੋਲ ਤੇ ਡੀਜ਼ਲ ਦੇ ਵਾਹਨਾਂ ਦੇ ਵੱਧਣ ਕਾਰਨ ਵਾਤਾਵਰਣ ਅਤੇ ਹਵਾ ਪਲੀਤ ਹੋ ਰਹੀ ਹੈ, ਇਸ ਲਈ ਸਾਈਕਲ ਦਾ ਇਸਤੇਮਾਲ ਸਾਡੇ ਵਾਤਾਵਰਣ ਨੂੰ ਪਲੀਤ ਹੋਣ ਤੋਂ ਬਚਾਏਗਾ, ਉਹਨਾਂ ਕਿਹਾ ਕਿ ਸਾਈਕਲ ਚਲਾਉਣ ਨਾਲ ਪੈਟਰੋਲ ਜਾਂ ਡੀਜ਼ਲ ਖਰਚ ਨਹੀਂ ਹੁੰਦਾ, ਇਸ ਲਈ ਪੈਟਰੋਲ, ਡੀਜ਼ਲ ਵਰਤੋਂ ਨਾ ਹੋਣ ਕਾਰਨ ਸਾਡੀ ਵਿਦੇਸ਼ੀ ਮੁਦਰਾ ਵੀ ਬਚਦੀ ਹੈ। ਜੋ ਭਾਰਤ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਵਿੱਚ ਸਹਾਈ ਹੈ। ਇਸ ਮੌਕੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਐੱਨ.ਐੱਸ. ਐੱਸ. ਕੁਆਰਡੀਨੇਟਰ ਨਰਿੰਦਰ ਕੌਰ ਨੇ ਸਾਈਕਲ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਸਭਨਾਂ ਨੂੰ ਆਪਣੇ ਯਾਦਗਾਰੀ ਦਿਨਾਂ ਵਿੱਚ ਪੌਦੇ ਲਗਾਉਣ ਦੀ ਪ੍ਰੇਰਣਾ ਦਿੱਤੀ ਅਤੇ ਵਿਦਿਆਰਥੀਆਂ ਨੂੰ ਸੰਯੁਕਤ ਰਾਸ਼ਟਰ ਸੰਘ ਵੱਲੋਂ 3 ਜੂਨ ਨੂੰ ਮਨਾਏ ਜਾਂਦੇ ਵਿਸ਼ਵ ਸਾਈਕਲ ਦਿਹਾੜੇ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਜ਼ਿਲ੍ਹਾ ਯੁਵਾ ਅਫਸਰ ਮੀਸ਼ਾ ਦੇ ਸਹਿਯੋਗ ਨਾਲ ਠੰਡੇ ਪਾਣੀ ਦੀ ਛਬੀਲ ਲਗਾਈ ਗਈ ਅਤੇ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਡੀਨ ਫਿਜ਼ੀਕਲ ਐਜੂਕੇਸ਼ਨ ਡਾ. ਰਵੀ ਗਹਿਲਾਵਤ ਦੀ ਟੀਮ, ਤਾਲਮੇਲ ਅਫਸਰ ਡਾ. ਬਲਿੰਦਰ ਸਿੰਘ ਦਾ ਪ੍ਰਬੰਧਨ ਸ਼ਲਾਘਾਯੋਗ ਰਿਹਾ। ਆਯੋਜਕਾਂ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਿਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

**ਪਤਵੰਤਿਆਂ ਅਤੇ ਵਿਦਿਆਰਥੀਆਂ ਨੇ ਲਗਾਏ ਫਲਦਾਰ ਅਤੇ ਛਾਂਦਾਰ ਬੂਟੇ**

### ਦਮਦਮੀ ਟਕਸਾਲ ਵਿਖੇ ਚੌਂਕ ਮਹਿਤਾ ਦੇ

# ਆੜ੍ਹਤੀਆ ਐਸੋਸੀਏਸ਼ਨ ਅਤੇ ਮੋਹਤਬਰਾਂ ਵੱਲੋਂ ਲੰਗਰ ਲਗਾਇਆ ਗਿਆ



**ਚੌਂਕ ਮਹਿਤਾ, 7 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਦਮਦਮੀ ਟਕਸਾਲ ਵਿੱਖੇ ਮਨਾਏ ਗਏ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਆੜ੍ਹਤੀਆ ਐਸੋਸੀਏਸ਼ਨ ਚੌਂਕ ਮਹਿਤਾ ਅਤੇ ਮੋਹਤਬਰਾਂ ਵੱਲੋਂ ਗੁਰੂ ਸਾਹਿਬ ਜੀ ਦਾ ਲੰਗਰ ਬੜੀ ਸ਼ਰਧਾ ਭਾਵਨਾ ਨਾਲ ਲਗਾਇਆ ਗਿਆ। ਜਿਸ ਵਿਚ ਬਹੁਤ ਪ੍ਰਕਾਰ ਦੇ ਪਦਾਰਥ ਤਿਆਰ ਕਰਕੇ ਸੰਗਤਾਂ ਨੂੰ ਛਕਿਆ ਗਿਆ। ਇਸ ਲੰਗਰ ਵਿਚ ਸਵੇਰੇ ,9 ਵਜੇ ਤੋਂ ਸ਼ਾਮ 5 ਵਜੇ ਤੱਕ ਸੰਗਤਾਂ ਦੀ ਪੂਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਤੇ ਆੜਤੀਆਂ ਵੱਲੋਂ ਆਪ ਆਪਣੇ ਹੱਥੀਂ ਸਾਰੀ ਦਿਹਾੜੀ ਸੇਵਾ ਕੀਤੀ ਗਈ ।ਇਸ ਮੌਕੇ ਤੇ ਸਾਬਕਾ ਸਰਪੰਚ ਹਰਜਿੰਦਰ ਸਿੰਘ ਜੱਜ, ਜਥੇਦਾਰ ਰਾਜਬੀਰ ਸਿੰਘ ਉਦੋ ਨੰਗਲ,ਹਰਪਾਲ ਸਿੰਘ ਜੱਜ, ਮਨਜੀਤ ਸਿੰਘ ਮੰਨਾ,ਜੋਗਾ ਸਿੰਘ, ਗੁਰਮੁੱਖ ਸਿੰਘ ਸਾਬਾ, ਗੁਰਵੇਲ ਸਿੰਘ ਔਜਲਾ ਡੇਅਰੀਵਾਲ, ਪ੍ਰਧਾਨ ਅਜੀਤ ਸਿੰਘ, ਬਲਦੇਵ ਸਿੰਘ ਅਠਵਾਲ, ਪ੍ਰਧਾਨ ਜਤਿੰਦਰ ਸਿੰਘ ਲੱਧਾ ਮੁੰਡਾ, ਤੇਜਿੰਦਰਪਾਲ ਸਿੰਘ ਲਾਡੀ, ਸਰਪੰਚ ਰਜਿੰਦਰ ਸਿੰਘ ਉਦੋਂ ਨੰਗਲ, ਬਲਜਿੰਦਰ ਸਿੰਘ ਰਾਜੂ, ਰਣਜੀਤ ਸਿੰਘ ਜੱਜ, ਭੁਪਿੰਦਰ ਸਿੰਘ ਲੱਧਾ ਮੁੰਡਾ, ਰਾਜਵਿੰਦਰ ਸਿੰਘ ਰਾਜੂ ਲੱਧਾ ਮੁੰਡਾ, ਗੁਰਮੀਤ ਸਿੰਘ ਨੰਗਲੀ,ਸਰਮਾ ਮੋਬਾਇਲ,ਹੈਪੀ ਪਟਿਆਲਾ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# 6 ਜੂਨ 1984 ਦੇ ਸ਼ਹੀਦਾਂ ਨੂੰ ਸ਼ਰਧਾਂਜਲੀ, ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੀ ਅਰਦਾਸ: ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ 7 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਕਮੇਟੀ ਮੈਂਬਰ ਸੁਖਵਿੰਦਰ ਸਿੰਘ ਬੱਬਰ, ਭੁਪਿੰਦਰ ਸਿੰਘ ਭੁੱਲਰ ਅਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕੀਤੀ। ਕਾਲਕਾ ਨੇ ਕਿਹਾ ਕਿ 6 ਜੂਨ 1984 ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ 1984 ਤੋਂ 1994 ਤੱਕ ਦੇ ਸੰਘਰਸ਼ ਦੌਰਾਨ ਕੁਰਬਾਨੀਆਂ ਦੇਣ ਵਾਲੇ ਸਿੰਘਾਂ ਨੂੰ ਵੀ ਯਾਦ ਕੀਤਾ ਗਿਆ ਅਤੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਲਈ ਵੀ ਅਰਦਾਸ ਕੀਤੀ ਗਈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਪੰਥ ਨੂੰ ਏਕਤਾ ਅਤੇ ਸੋਝੀ ਬਖ਼ਸ਼ਣ ਤਾਂ ਜੋ ਕੌਮ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾ ਸਕੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਚੱਲ ਰਹੀਆਂ ਮੁਹਿੰਮਾਂ ਵਿੱਚ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਸਕੇ।

ਕਾਲਕਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਦਮਦਮੀ ਟਕਸਾਲ ਦੇ ਮੁੱਖ ਦਫ਼ਤਰ ਮਹਿਤਾ ਚੌਂਕ ਵਿਖੇ ਬਾਬਾ ਹਰਨਾਮ ਸਿੰਘ ਧੂਮਾ ਦੀ ਅਗਵਾਈ ਹੇਠ ਹੋਏ ਸਮਾਗਮ ਵਿੱਚ ਵੀ ਦਿੱਲੀ ਕਮੇਟੀ ਨੇ ਹਾਜ਼ਰੀ ਭਰੀ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਕੌਮ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਧਰਮ ਪਰਿਵਰਤਨ ਦੀ ਹੈ। ਇਸ ਲਈ ਸਾਰੀਆਂ ਧਾਰਮਿਕ ਜਥੇਬੰਦੀਆਂ ਨੂੰ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਇਕ ਮੰਚ 'ਤੇ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਿੱਜੀ ਮਤਭੇਦਾਂ ਅਤੇ ਹਉਮੈ ਨੂੰ ਪਾਸੇ ਰੱਖ ਕੇ ਪੰਥਕ ਏਕਤਾ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ। ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਬੇਅਦਬੀ ਵਿਰੋਧੀ ਬਿੱਲ ਬਾਰੇ ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਸ ਮਾਮਲੇ ਵਿੱਚ ਹੋਈਆਂ ਵਿਚਾਰ-ਵਟਾਂਦਰਿਆਂ ਤੋਂ ਲਗਾਤਾਰ ਨਜ਼ਰਅੰਦਾਜ਼ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਾਨੂੰਨ ਬਣਾਉਣਾ ਸਰਕਾਰ ਦਾ ਕੰਮ ਹੈ, ਪਰ ਪੰਥ ਦੀਆਂ ਭਾਵਨਾਵਾਂ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਕਾਲਕਾ ਨੇ ਸੁਝਾਅ ਦਿੱਤਾ ਕਿ ਜੇ ਬਿੱਲ ਵਿੱਚ ਕੋਈ ਕਮੀਆਂ ਹਨ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਇੱਕ ਕਮੇਟੀ ਬਣਾ ਕੇ ਲੋੜੀਂਦੀਆਂ ਸੋਧਾਂ ਲਈ ਸਿਫ਼ਾਰਸ਼ਾਂ ਪੰਜਾਬ ਸਰਕਾਰ ਨੂੰ ਭੇਜੀਆਂ ਜਾਣ। ਉਨ੍ਹਾਂ ਕਿਹਾ ਕਿ ਪੰਥਕ ਜਥੇਬੰਦੀਆਂ ਦੀ ਰਾਇ ਲੈ ਕੇ ਹੀ ਅਜਿਹੇ ਸੰਵੇਦਨਸ਼ੀਲ ਮਸਲਿਆਂ 'ਤੇ ਅੱਗੇ ਵਧਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ, ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਮੁੱਖ ਬੁਲਾਰਾ, ਤੇਜਬੀਰ ਸਿੰਘ ਭਲਾਈਪੁਰ



**ਚੌਂਕ ਮਹਿਤਾ, 7 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਵਿੱਖੇ ਤੀਸਰੇ ਘੱਲੂਘਾਰੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਭਲਾਈਪੁਰ ਪੂਰਬਾ, ਤੇਜਬੀਰ ਸਿੰਘ ਭਲਾਈਪੁਰ,ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਭਾਈ ਜਤਿੰਦਰ ਸਿੰਘ ਖਾਲਸਾ ਅਮਰੀਕਾ ਵਾਲੇ ਅਤੇ ਸੰਤ ਬਾਬਾ ਗੁਰਬਖਸ਼ ਸਿੰਘ ਸੰਗੀਤ ਅਕੈਡਮੀ ਜੱਬੋਵਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਦੇ ਸਹਿਯੋਗ ਨਾਲ ਦਮਦਮੀ ਟਕਸਾਲ ਮਹਿਤਾ ਵਿਖੇ ਠੰਢੇ ਮਿੱਠੇ ਜਲ ਅਤੇ ਜਲ ਜੀਰਾ, ਬਦਾਮਾਂ ਵਾਲੀ ਸਰਦਾਈ ਦੇ ਖੁੱਲ੍ਹੇ ਲੰਗਰ ਲਗਾਇਆ ਗਿਆ। ਇਸ ਲੰਗਰ ਵਿਚ ਸਭ ਤੋਂ ਵੱਧ ਸੰਗਤਾਂ ਠੰਢੇ ਮਿੱਠੇ ਜਲ ਦੀ ਛਬੀਲ ਛੱਕ ਰਹੀਆਂ ਸਨ। ਸਵੇਰੇ 9 ਵਜੇ ਤੋਂ ਸ਼ਾਮ 5, ਵਜੇ ਤੱਕ ਪੂਰੀ ਤਰ੍ਹਾਂ ਸੰਗਤਾਂ ਬੜੇ ਪ੍ਰੇਮ ਨਾਲ ਠੰਢੇ ਮਿੱਠੇ ਜਲ ਦੀ ਛਬੀਲ ਸੰਗਤਾਂ ਛੱਕ ਰਹੀਆਂ ਹਨ ਇਸ ਮੌਕੇ ਤੇ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਭਾਈ ਜਤਿੰਦਰ ਸਿੰਘ ਖਾਲਸਾ ਅਮਰੀਕਾ ਵਾਲੇ, ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ ਵਾਲੇ, ਭਾਈ ਲਾਲਜੀਤ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਇੰਦਰ ਸਿੰਘ, ਮਨਦੀਪ ਸਿੰਘ, ਬੂਟਾ ਸਿੰਘ, ਜੋਗਿੰਦਰ ਸਿੰਘ, ਆਦਿ ਸੇਵਾਦਾਰ ਹਾਜ਼ਰ ਸਨ। ਇਸ ਮੌਕੇ ਤੇ ਸ਼ਾਮ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਸਾਰੇ ਸੇਵਾਦਾਰਾਂ ਨੂੰ ਸਿਰਪਾਓ ਅਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV




ਚੇਅਰਮੈਨ ਕਸ਼ਮੀਰ ਸਿੰਘ ਕਾਲਾ ਸਰਪੰਚ ਨੂੰ ਸਨਮਾਨਿਤ ਕਰਦੇ ਹੋਏ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ, ਕਸ਼ਮੀਰ ਸਿੰਘ ਕਾਲਾ ਸਰਪੰਚ ਨੇ ਸਹੀਦੀ ਸਮਾਗਮਾਂ ਵਿੱਚ ਤਨ ਮਨ ਧੰਨ ਦੀ ਸੇਵਾ ਕੀਤੀ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

### ਸੈਣੀ ਅਤੇ ਢਿੱਲੋਂ ਨੂੰ

# ਆਪ ਆਗੂਆਂ ਨੇ ਦਿਖਾਈਆਂ ਕਾਲੀਆਂ ਝੰਡੀਆਂ




**ਧੂਰੀ ( ਰਣਜੀਤ ਸਿੰਘ ਪੇਧਨੀ )**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਬੀਜੇਪੀ ਦੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋ ਵੱਲੋਂ ਧੂਰੀ ਦੇ ਪਿੰਡ ਬੱਬਨਪੁਰ ਵਿਖੇ ਇੱਕ ਇਕੱਠ ਰੱਖਿਆ ਗਿਆ ਸੀ। ਜਿਸ ਦੇ ਅਧੀਨ ਰਸਤੇ ਵਿੱਚ ਆਉਂਦਿਆਂ ਹੋਇਆਂ ਬੱਬਨਪੁਰ ਨਹਿਰ ਤੇ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਚੇਅਰਮੈਨ ਦਲਵੀਰ ਸਿੰਘ ਢਿੱਲੋ, ਡਾਕਟਰ ਅਨਵਰ ਭਸੌੜ ਮੈਂਬਰ ਵਕਫ਼ ਬੋਰਡ ਪੰਜਾਬ, ਆਪ ਆਗੂ ਸਤਿੰਦਰ ਸਿੰਘ ਚੱਠਾ ਦੀ ਅਗਵਾਈ ਦੇ ਹੇਠ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਵਿਰੋਧੀ ਚਲਾਈਆਂ ਜਾ ਰਹੀਆਂ ਸਾਜਸਾਂ ਦੇ ਤਹਿਤ ਨਾਇਬ ਸਿੰਘ ਸੈਣੀ ਅਤੇ ਕੇਵਲ ਸਿੰਘ ਢਿੱਲੋ ਦਾ ਕਾਲੀਆਂ ਝੰਡੀਆਂ ਦਿਖਾ ਕੇ ਵਿਰੋਧ ਕੀਤਾ ਗਿਆ। ਇਸ ਮੌਕੇ ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਅਮਰਦੀਪ ਸਿੰਘ ਧਾਂਦਰਾ ਮੈਂਬਰ ਬਲਾਕ ਸੰਮਤੀ, ਚੇਅਰਮੈਨ ਰਛਪਾਲ ਸਿੰਘ ਭੁੱਲਰ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਗਗਨ ਜਵੰਦਾ, ਮਾਣਾ ਗਰੇਵਾਲ ਯੂਥ ਆਗੂ , ਆਪ ਆਗੂ ਭਿੰਦਾ ਵਿਰਕ , ਉੱਘੇ ਸਮਾਜ ਸੇਵੀ ਚੀਨੂ ਧੀਰ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਮਨਪ੍ਰੀਤ ਸਿੰਘ ਬੱਬਨਪੁਰ,ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਜਗਜੀਤ ਸਿੰਘ ਕਲੇਰਾਂ, ਸਰਪੰਚ ਮਨਪ੍ਰੀਤ ਸ਼ਰਮਾ ਜਹਾਂਗੀਰ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਸਿਮਰਨਜੀਤ ਸਿੰਘ ਬਟੂਹਾਂ,ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਰਾਮ ਜੀ ਨੱਤ, ਵਿਕਰਾਂਤ ਚੱਠਾ ਐਮਸੀ, ਰਿਕੂ ਐਮਸੀ, ਅਜੈਬ ਸਿੰਘ ਹੈਪੀ ਐਮਸੀ, ਬਿੱਲਾ ਧਰਮਸੋਤ ਐਮਸੀ, ਬਿੱਲੂ ਐਮਸੀ, ਭੁਪਿੰਦਰ ਸਿੰਘ ਐਮਸੀ, ਸੋਢੀ ਐਮਸੀ, ਜਸਵੀਰ ਸਿੰਘ ਜੱਜ ਐਮਸੀ, ਜੁਗਨੂੰ ਸਲੀਮ ਐਮਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਵਲ ਹਸਪਤਾਲ ਤਲਵੰਡੀ ਸਾਬੋ ਵੱਲੋਂ ਲਗਾਇਆ ਮਲੇਰੀਆ ਜਾਗਰੂਕਤਾ ਕੈਂਪ



**ਤਲਵੰਡੀ ਸਾਬੋ, 07 ਜੂਨ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਹੁਕਮਾਂ ਅਨੁਸਾਰ, ਜ਼ਿਲ੍ਹਾ ਸਿਹਤ ਅਫਸਰ ਡਾ. ਊਸ਼ਾ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ. ਰਵੀ ਕਾਂਤ ਗੁਪਤਾ ਐਸ.ਐਮ.ਓ ਐਸ.ਡੀ.ਐਚ ਤਲਵੰਡੀ ਸਾਬੋ ਦੀ ਯੋਗ ਅਗਵਾਈ ਹੇਠ ਮਹੀਨਾ ਜੂਨ ਨੂੰ ਐਂਟੀ ਮਲੇਰੀਆ ਮੰਥ ਵੱਜੋਂ ਮਨਾਉਣ ਸਬੰਧੀ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੀ ਟੀਮ ਵੱਲੋਂ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਵਿਖੇ ਮਲੇਰੀਆ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਟੀਮ ਨੇ ਜਾਣਕਾਰੀ ਦਿੱਤੀ ਕਿ ਸਾਨੂੰ ਮਲੇਰੀਆ ਤੇ ਹੋਰ ਗਰਮੀ ਦੀਆਂ ਬਿਮਾਰੀਆਂ ਤੋਂ ਬਚਣ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨੋਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਰਾਤ ਵੇਲੇ ਕੱਟਦਾ ਹੈ। ਇਹ ਮੱਛਰ ਖੜ੍ਹੇ ਸਾਫ ਪਾਣੀ ਵਿੱਚ ਪੈਦਾ ਹੁੰਦੇ ਹਨ। ਇਸ ਕਰਕੇ ਘਰਾਂ ਵਿੱਚ ਅਤੇ ਆਲੇ-ਦੁਆਲੇ ਪਾਣੀ ਨਾ ਇਕੱਠਾ ਹੋਣ ਦਿੱਤਾ ਜਾਵੇ। ਖੜ੍ਹੇ ਪਾਣੀ ਤੇ ਕਾਲੇ ਤੇਲ ਦਾ ਛਿੜਕਾ ਕੀਤਾ ਜਾਵੇ। ਸੌਣ ਵੇਲੇ ਮੱਛਰਦਾਨੀ, ਅਤੇ ਮੱਛਰ ਭਜਾਉਣ ਵਾਲੀਆਂ ਕਰੀਮ ਦੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਕਿ ਮੱਛਰ ਨਾ ਕੱਟ ਸਕਣ।ਪੰਜਾਬ ਸਰਕਾਰ ਵੱਲੋਂ ਹਰ ਸ਼ੁੱਕਰਵਾਰ ਨੂੰ ਡਰਾਈ-ਡੇ ਘੋਸ਼ਿਤ ਕੀਤਾ ਗਿਆ ਹੈ, ਇਸ ਦਿਨ ਘਰਾਂ ਵਿੱਚ ਕੂਲਰਾਂ, ਫਰਿੱਜਾਂ ਦੀਆਂ ਟਰੇਆਂ ਤੇ ਪਾਣੀ ਵਾਲੀਆਂ ਹੋਦੀਆਂ ਅਤੇ ਭਾਂਡਿਆਂ ਨੂੰ ਸਾਫ ਕਰਕੇ ਜ਼ਰੂਰ ਸੁਕਾਉਣਾ ਚਾਹੀਦਾ ਹੈ। ਠੰਡ ਅਤੇ ਖਾਂਸੀ ਨਾਲ ਤੇਜ਼ ਬੁਖਾਰ, ਸਿਰਦਰਦ, ਬੁਖਾਰ ਉਤਰਨਾ ਤੇ ਥਕਾਵਟ, ਕਮਜ਼ੋਰੀ ਹੋਣਾ ਤੇ ਪਸੀਨਾ ਆਉਣਾ ਮਲੇਰੀਆ ਬੁਖਾਰ ਦੇ ਲੱਛਣ ਹਨ। ਟੀਮ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਸਟਾਫ ਵੱਲੋਂ ਲੋਕਾਂ ਦੇ ਘਰ ਘਰ ਜਾ ਕੇ ਮਲੇਰੀਆ ਬੁਖਾਰ ਤੇ ਹੋਰ ਗਰਮੀ ਦੀਆਂ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬੁਖਾਰ ਹੋਣ ਤੇ ਤੁਰੰਤ ਨੇੜੇ ਦੀ ਸਿਹਤ ਸੰਸਥਾ ਅਤੇ ਸਰਕਾਰੀ ਹਸਪਤਾਲ ਨਾਲ ਸੰਪਰਕ ਕਰੋ। ਇਲਾਜ ਟੈਸਟ ਅਤੇ ਦਵਾਈਆਂ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਮਲੇਰੀਆ ਡੇਂਗੂ ਬੁਖਾਰ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ਹੀਦ ਬਾਬਾ ਦੀਪ ਸਿੰਘ ਸਰਕਾਰੀ ਸਿਵਲ ਹਸਪਤਾਲ ਤਲਵੰਡੀ ਸਾਬੋ ਦੀਆਂ ਟੀਮਾਂ ਵੱਲੋਂ ਪਿੰਡਾਂ ਦੇ ਵਿੱਚ ਘਰ-ਘਰ ਜਾ ਕੇ ਸਰਵੇ ਕੀਤਾ ਜਾ ਰਿਹਾ ਹੈ ਅਤੇ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸ ਮੌਕੇ ਸ਼੍ਰੀਮਤੀ ਗੁਰਮਿਤ ਕੌਰ ਬੀ.ਈ.ਈ., ਅਮਨਦੀਪ ਸਿੰਘ ਐਮ.ਪੀ.ਐਚ.ਡਬਲਿਊ., ਸੀ ਹਰਪਾਲ ਸਿੰਘ ਗਿਆਨਾ ਐਮ.ਪੀ.ਐਚ.ਡਬਲਿਊ., ਸ਼੍ਰੀ ਗੁਰਸੇਵਕ ਸਿੰਘ ਐਮ.ਪੀ.ਐਚ.ਡਬਲਿਊ., ਪ੍ਰਿੰਸੀਪਲ ਮੈਡਮ ਸ਼ਾਲਿਨੀ, ਮੈਡਮ ਅਮਰਪਾਲ ਕੌਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਫਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ 'ਚ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ



**ਫਿਰੋਜ਼ਪੁਰ, 7 ਜੂਨ (ਮਨੋਹਰ ਲਾਲ)**-ਫਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਚੇਅਰਮੈਨ ਡਾ. ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਨਿਗਰਾਨੀ ਹੇਠ ਵਿਸ਼ਵ ਵਾਤਾਵਰਣ ਦਿਵਸ ਮਨਾਉਣ ਲਈ ਔਨਲਾਈਨ ਗਤੀਵਿਧੀਆਂ ਦਾ ਆਯੋਜਨ ਕੀਤਾ। ਇਸ ਦਿਨ ਨੂੰ ਮਨਾਉਣ ਦਾ ਉਦੇਸ਼ ਨੌਜਵਾਨ ਮਨਾਂ ਨੂੰ ਕੁਦਰਤ ਦੀ ਦੇਖਭਾਲ ਕਰਨ ਅਤੇ ਵਾਤਾਵਰਣ ਦੀ ਰੱਖਿਆ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਸਮਝਣ ਲਈ ਪ੍ਰੇਰਿਤ ਕਰਨਾ ਸੀ। ਇਸ ਮੌਕੇ 'ਤੇ, ਵਿਦਿਆਰਥੀਆਂ ਨੇ ਕੁਦਰਤ ਪ੍ਰਤੀ ਆਪਣੇ ਪਿਆਰ ਅਤੇ ਸਾਫ਼ ਅਤੇ ਹਰੀ ਧਰਤੀ ਪ੍ਰਤੀ ਵਚਨਬੱਧਤਾ ਦੇ ਪ੍ਰਤੀਕ ਵਜੋਂ ਹਰੇ ਬੈਜ ਬਣਾ ਕੇ ਆਪਣੀ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ ਗਰਮੀਆਂ ਦੇ ਮੌਸਮ ਦੌਰਾਨ ਜੀਵਤ ਜੀਵਾਂ ਪ੍ਰਤੀ ਹਮਦਰਦੀ ਨੂੰ ਉਤਸ਼ਾਹਿਤ ਕਰਨ ਲਈ ਪੰਛੀਆਂ ਲਈ ਪਾਣੀ ਦੇ ਘੜੇ ਵੀ ਤਿਆਰ ਕੀਤੇ ਅਤੇ ਖੁੱਲ੍ਹੇ ਖੇਤਰਾਂ ਵਿੱਚ ਰੱਖੇ। ਇਸ ਤੋਂ ਇਲਾਵਾ, ਵਿਦਿਆਰਥੀਆਂ ਨੇ ਬਰਡ ਫੀਡਰ ਵੀ ਬਣਾਏ। ਇਸ ਦਿਨ ਦੀ ਮਹੱਤਤਾ ਨੂੰ ਦਰਸਾਉਣ ਲਈ, ਸਾਰੇ ਵਿਦਿਆਰਥੀਆਂ ਨੇ ਵਾਤਾਵਰਣ-ਅਨੁਕੂਲ ਪ੍ਰਣ ਲਿਆ, ਕੁਦਰਤੀ ਸਰੋਤਾਂ ਦੀ ਸੰਭਾਲ, ਪ੍ਰਦੂਸ਼ਣ ਘਟਾਉਣ ਅਤੇ ਆਪਣੇ ਰੋਜ਼ਾਨਾ ਜੀਵਨ ਵਿੱਚ ਵਾਤਾਵਰਣ ਅਨੁਕੂਲ ਆਦਤਾਂ ਅਪਣਾਉਣ ਦਾ ਵਾਅਦਾ ਕੀਤਾ। ਇਹ ਜਸ਼ਨ ਸਾਰਥਕ ਅਤੇ ਪ੍ਰਭਾਵਸ਼ਾਲੀ ਸੀ, ਜਿਸ ਨੇ ਵਿਦਿਆਰਥੀਆਂ ਨੂੰ ਇੱਕ ਸਿਹਤਮੰਦ ਅਤੇ ਹਰੇ ਵਾਤਾਵਰਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 7 ਜੂਨ 2026 ਨੂੰ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ












ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਅੱਜ 7 ਜੂਨ 2026 ਨੂੰ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਨਮਾਨਿਤ ਕਰਦੇ ਪ੍ਰਬੰਧਕਹਾਜ਼ਰ ਸਿੱਖ ਸੰਗਤਾਂ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਪ੍ਰਸਾਦਿ ਪ੍ਰਚਾਰ ਵਿੰਗ ਦਿੱਲੀ ਦੇ ਸੰਚਾਲਕ ਭਾਈ ਇਕਬਾਲ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਲਵਪ੍ਰੀਤ ਸਿੰਘ ਅਦਰਸ਼ ਨਗਰ ਦਿੱਲੀ ਵੱਲੋਂ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ

## • ਬੱਚੇ ਬੱਚੀਆਂ ਨੂੰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਦਰਸ਼ਨਾਂ ਵਾਸਤੇ ਲਿਆਂਦਾ ਗਿਆ • ਬੱਚਿਆਂ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਗੁਰਮਤਿ ਸਬੰਧੀ ਸਵਾਲ ਜਵਾਬ ਕਰ ਕੇ ਜਾਣਕਾਰੀ ਹਾਸਿਲ ਕੀਤੀ ਗਈ









ਗੁਰਪ੍ਰਸਾਦਿ ਪ੍ਰਚਾਰ ਵਿੰਗ ਦਿੱਲੀ ਦੇ ਸੰਚਾਲਕ ਸਾਡੇ ਭਾਈ ਇਕਬਾਲ ਸਿੰਘ ,ਭਾਈ ਇੰਦਰਜੀਤ ਸਿੰਘ ,ਭਾਈ ਲਵਪ੍ਰੀਤ ਸਿੰਘ ਅਦਰਸ਼ ਨਗਰ ਦਿੱਲੀ ਵੱਲੋਂ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਦੌਰਾਨ ਬੱਚੇ ਬੱਚੀਆਂ ਨੂੰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਅੱਜ ਦਰਸ਼ਨਾਂ ਵਾਸਤੇ ਲਿਆਂਦਾ ਗਿਆ ਬੱਚਿਆਂ ਵੱਲੋਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਗੁਰਮਤਿ ਸਬੰਧੀ ਸਵਾਲ ਜਵਾਬ ਕਰ ਕੇ ਜਾਣਕਾਰੀ ਹਾਸਿਲ ਕੀਤੀ ਗਈ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਰਿਵਾਰ ਨੂੰ ਬੇਹੋਸ਼ ਕਰ ਚੋਰਾਂ ਨੇ ਘਰ ਕੀਤਾ ਸਾਫ਼

# 45 ਤੋਲੇ ਸੋਨਾ ਤੇ 5 ਲੱਖ ਨਕਦ ਤੇ 8 ਤੋ 10 ਵਿਦੇਸ਼ੀ ਘੜੀਆ ਚੋਰੀ







**ਜੰਡਿਆਲਾ ਗੁਰੂ, 7 ਜੂਨ ( ਕੁਲਵੰਤ ਸਿੰਘ ਵਿਰਦੀ )**-ਅੱਜ ਜੰਡਿਆਲਾ ਗੁਰੂ ਦੇ ਪਿੰਡ ਜਾਣੀਆ ਇਲਾਕੇ ਵਿੱਚ ਉਸ ਸਮੇਂ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਜਦੋਂ ਅਣਪਛਾਤੇ ਚੋਰ ਇੱਕ ਕਿਸਾਨ ਪਰਿਵਾਰ ਦੇ ਘਰ ਵਿੱਚ ਦਾਖਲ ਹੋ ਕੇ ਲੱਖਾਂ ਰੁਪਏ ਦੀ ਨਕਦੀ ਅਤੇ ਕੀਮਤੀ ਸੋਨਾ ਚੋਰੀ ਕਰਕੇ ਫਰਾਰ ਹੋ ਗਏ। ਪੀੜਤ ਪਰਿਵਾਰ ਨੇ ਦਾਅਵਾ ਕੀਤਾ ਹੈ ਕਿ ਚੋਰਾਂ ਨੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਘਰ ਵਿੱਚ ਕੋਈ ਬੇਹੋਸ਼ੀ ਵਾਲੀ ਦਵਾਈ ਦਾ ਸਪਰੇਅ ਕੀਤਾ ਹੋ ਸਕਦਾ ਹੈ, ਜਿਸ ਕਾਰਨ ਪਰਿਵਾਰ ਦੇ ਕਿਸੇ ਵੀ ਮੈਂਬਰ ਨੂੰ ਘਟਨਾ ਦੀ ਭਿਣਕ ਤੱਕ ਨਹੀਂ ਲੱਗੀ ਪੀੜਤ ਘਰ ਦੇ ਮੁਖੀ ਬਲਵਿੰਦਰ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਰਾਤ ਕਰੀਬ 12 ਵਜੇ ਤੱਕ ਸਭ ਕੁਝ ਆਮ ਸੀ। ਪਰਿਵਾਰ ਦੇ ਮੈਂਬਰ ਆਪਣੇ ਰੋਜ਼ਾਨਾ ਕੰਮਕਾਜ ਕਰਨ ਮਗਰੋਂ ਸੌਂ ਗਏ ਸਨ। ਸਵੇਰੇ ਕਰੀਬ 5 ਵਜੇ ਜਦੋਂ ਉਹ ਉੱਠੇ ਤਾਂ ਘਰ ਦਾ ਮੁੱਖ ਦਰਵਾਜ਼ਾ ਖੁੱਲ੍ਹਾ ਮਿਲਿਆ। ਜਦੋਂ ਅੰਦਰ ਜਾ ਕੇ ਦੇਖਿਆ ਗਿਆ ਤਾਂ ਅਲਮਾਰੀਆਂ, ਸੰਦੂਕ ਅਤੇ ਬ੍ਰੀਫਕੇਸ ਟੁੱਟੇ ਹੋਏ ਸਨ ਅਤੇ ਸਾਰਾ ਸਮਾਨ ਖਿਲਰਿਆ ਪਿਆ ਸੀ ਬਲਵਿੰਦਰ ਸਿੰਘ ਨੇ ਦੱਸਿਆ ਕਿ ਚੋਰ ਘਰ ਵਿੱਚ ਰੱਖਿਆ ਲਗਭਗ 40 ਤੋਂ 45 ਤੋਲੇ ਸੋਨਾ ਅਤੇ ਕਰੀਬ 5 ਲੱਖ ਰੁਪਏ ਦੀ ਨਕਦੀ ਤੇ 8 ਤੋ 10 ਵਿਦੇਸ਼ੀ ਘੜੀਆ ਚੋਰੀ ਕਰਕੇ ਲੈ ਗਏ। ਉਨ੍ਹਾਂ ਅਨੁਸਾਰ ਇਹ ਨਕਦੀ ਖੇਤੀਬਾੜੀ ਸਬਸਿਡੀ ਅਤੇ ਟਰੈਕਟਰ ਖਰੀਦਣ ਲਈ ਇਕੱਠੀ ਕੀਤੀ ਗਈ ਸੀ। ਪਰਿਵਾਰ ਦਾ ਕਾਫ਼ੀ ਸੋਨਾ ਵਿਦੇਸ਼ ਵਿੱਚ ਰਹਿੰਦੇ ਪੁੱਤਰ, ਵਿਆਹੀ ਧੀ ਅਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਸੰਬੰਧਿਤ ਸੀ, ਜੋ ਸੁਰੱਖਿਆ ਲਈ ਘਰ ਵਿੱਚ ਰੱਖਿਆ ਹੋਇਆ ਸੀ ਪਰਿਵਾਰ ਦੀ ਮੈਂਬਰ ਗੁਰਦੀਪ ਕੌਰ ਨੇ ਦੱਸਿਆ ਕਿ ਚੋਰਾਂ ਨੇ ਘਰ ਦਾ ਕੋਈ ਵੀ ਕੋਨਾ ਨਹੀਂ ਛੱਡਿਆ। ਸਾਰੀਆਂ ਅਲਮਾਰੀਆਂ ਅਤੇ ਸੰਦੂਕਾਂ ਨੂੰ ਤੋੜ ਕੇ ਕੀਮਤੀ ਸਮਾਨ ਖੰਗਾਲਿਆ ਗਿਆ। ਉਨ੍ਹਾਂ ਕਿਹਾ ਕਿ ਇਹ ਸਾਲਾਂ ਦੀ ਮਿਹਨਤ ਦੀ ਕਮਾਈ ਸੀ ਜੋ ਇੱਕ ਹੀ ਰਾਤ ਵਿੱਚ ਲੁੱਟ ਲਈ ਗਈ। ਉਨ੍ਹਾਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉੱਥੇ ਹੀ ਬਲਵਿੰਦਰ ਸਿੰਘ ਨੇ ਦੱਸਿਆ ਕਿ ਉਸਨੇ ਕਾਫੀ ਸਮੇਂ ਤੋਂ ਦੁਬਈ ਵਿੱਚ ਕੰਮ ਕਰਕੇ ਪੈਸੇ ਇਕੱਠੇ ਕਰਕੇ ਸੋਨਾ ਬਣਵਾਇਆ ਸੀ ਇਸ ਵਿੱਚ ਉਸਦੇ ਲੜਕੇ ਤੇ ਉਸਦੀ ਘਰਵਾਲੀ ਤੇ ਉਸਦੀ ਵਿਆਹੀ ਬੇਟੀ ਦੇ ਗਹਿਣੇ ਤੇ ਘਟੋ ਘੱਟ ਉਸਦੀਆ ਆਪਣੀਆ ਸੋਨੇ ਦੀਆਂ ਤਿੰਨ ਮੁੰਦਰੀਆਂ ਤੋਲੇ ਤੋਲੇ ਦੀਆ ਤੇ ਇੱਕ ਹੱਥ ਦਾ ਪੰਜ ਤੋਲੇ ਦਾ ਕੜਾ ਤੇ 8 ਤੋ ਲੈਕੇ 10 ਨਵੀਆਂ ਵਿਦੇਸੀ ਘੜੀਆਂ ਪੰਜ ਲੱਖ ਰੁਪਏ ਨਕਦ ਚੋਰ ਚੋਰੀ ਕਰਕੇ ਲੈਅ ਗਏ ਹਨ ਕੁੱਲ ਮਿਲਾ ਕੇ 1ਕਰੋੜ ਦੇ ਲਾਗੇ ਸਮਾਨ ਦੀ ਚੋਰੀ ਹੋਈ ਹੈ ਇਸ ਮੌਕੇ ਅਮਰ ਸਿੰਘ ਨੇ ਕਿਹਾ ਕਿ ਇਹ ਚੋਰੀ ਇੱਕ ਸੁਨਿਯੋਜਿਤ ਸਾਜ਼ਿਸ਼ ਲੱਗਦੀ ਹੈ। ਉਨ੍ਹਾਂ ਅਨੁਸਾਰ ਚੋਰਾਂ ਨੂੰ ਘਰ ਦੀ ਬਣਤਰ ਅਤੇ ਸਮਾਨ ਦੀ ਸਹੀ ਜਾਣਕਾਰੀ ਸੀ। ਉਨ੍ਹਾਂ ਕਿਹਾ ਕਿ ਰਾਤ ਸਮੇਂ ਪੁਲਿਸ ਗਸ਼ਤ ਦੀ ਘਾਟ ਕਾਰਨ ਅਜਿਹੀਆਂ ਵਾਰਦਾਤਾਂ ਵਿੱਚ ਵਾਧਾ ਹੋ ਰਿਹਾ ਹੈ ਅਤੇ ਲੋਕਾਂ ਵਿੱਚ ਅਸੁਰੱਖਿਆ ਦੀ ਭਾਵਨਾ ਵੱਧ ਰਹੀ ਹੈ।ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਮੌਕੇ ’ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ।ਪੁਲਿਸ ਅਧਿਕਾਰੀ ਨਿਰਮਲ ਸਿੰਘ ਨੇ ਦੱਸਿਆ ਕਿ ਪਰਿਵਾਰ ਵੱਲੋਂ ਕਰੀਬ 45 ਤੋਲੇ ਸੋਨਾ ਅਤੇ 5 ਲੱਖ ਰੁਪਏ ਨਕਦ ਚੋਰੀ ਹੋਣ ਦੀ ਜਾਣਕਾਰੀ ਦਿੱਤੀ ਗਈ ਹੈ।ਪੁਲਿਸ ਨੇ ਮੌਕੇ ਦਾ ਮੁਆਇਨਾ ਕਰਕੇ ਸਬੂਤ ਇਕੱਠੇ ਕੀਤੇ ਹਨ ਅਤੇ ਆਲੇ-ਦੁਆਲੇ ਦੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ।ਪੁਲਿਸ ਨੇ ਭਰੋਸਾ ਦਿਵਾਇਆ ਹੈ ਕਿ ਮਾਮਲੇ ਦੀ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਨੂੰ ਜਲਦੀ ਕਾਬੂ ਕਰਕੇ ਕਾਨੂੰਨ ਦੇ ਕਟਘਰੇ ਵਿੱਚ ਖੜ੍ਹਾ ਕੀਤਾ ਜਾਵੇਗਾ।

**ਰਾਤੋ-ਰਾਤ ਉਜੜੀ ਸਾਲਾਂ ਦੀ ਕਮਾਈ, ਪਰਿਵਾਰ ਨੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਕੀਤੀ ਮੰਗ**

ਆਵਾਜ਼ਿ ਕੌਮ AWAZE QAUM International Newspaper & WEB TV

### ਬਜਾਰ ’ਚ ਵਿਕ ਰਿਹਾ ਨਕਲੀ ਪਨੀਰ ਤੇ ਦੁੱਧ ਤੋਂ ਬਨਣ ਵਾਲੀਆਂ ਚੀਜਾਂ

# ਸਿਹਤ ਵਿਭਾਗ ਨੂੰ ਵਿਸ਼ੇਸ਼ ਤੌਰ ’ਤੇ ਧਿਆਨ ਦੇਣ ਦੀ ਲੋੜ



**ਜੰਡਿਆਲਾ ਗੁਰੂ, 7 ਜੂਨ ( ਕੁਲਵੰਤ ਸਿੰਘ ਵਿਰਦੀ )**- ਅੱਜ ਦੇ ਦੌਰ ਵਿੱਚ ਲਗਾਤਾਰ ਇਨਸਾਨੀ ਬਿਮਾਰੀਆਂ ਵਿੱਚ ਵਾਧਾ ਹੋ ਰਿਹਾ ਹੈ ਜੋ ਇਕ ਚਿੰਤਾ ਦਾ ਵਿਸਾ ਹੈ ਵੇਖਣ ਵਿਚ ਕਈ ਵਾਰ ਤਾਂ ਮਨੁੱਖ ਨੂੰ ਐਸੀ ਬਿਮਾਰੀ ਲਗ ਜਾਂਦੀ ਜਿਸ ਦੇ ਹਰ ਰੋਜ ਬਲੈਡ ਟੈਸਟ ਦੇ ਨਾਲ ਨਾਲ ਤਰ੍ਹਾਂ ਤਰ੍ਹਾਂ ਦੇ ਟੈਸਟ ਕਰਵਾਏ ਜਾਂਦੇ ਹਨ ਲੇਕਿਨ ਬਿਮਾਰੀ ਦਾ ਪਤਾ ਨਹੀਂ ਚਲਦਾ ਅਤੇ ਕਈ ਮਨੁੱਖ ਇਸ ਸੰਸਾਰ ਨੂੰ ਛੱਡ ਕਿ ਚਲੇ ਜਾਂਦੇ ਹਨ ਜਿਸ ਦੇ ਚੱਲਦਿਆਂ ਸਮੇਂ ਦੀ ਮੁੱਖ ਲੋੜ ਮੁਤਾਬਕ ਮਨੁੱਖਾ ਦੇਹੀ ਨੂੰ ਬਚਾਉਣ ਲਈ ਸਰਕਾਰ ਪ੍ਰਸਾਸਨ ਅਤੇ ਡਾਕਟਰਾਂ ਦੀਆਂ ਟੀਮਾਂ ਵਲੋਂ ਅਲੱਗ ਅਲੱਗ ਪ੍ਰੋਗਰਾਮਾਂ ਰਾਹੀਂ ਇਨਸਾਨ ਨੂੰ ਜਾਗਰੂਕ ਕੀਤਾ ਜਾਂਦਾ ਹੈ ਕਿ ਬਜ਼ਾਰ ਦੀਆਂ ਬਣੀਆਂ ਚੀਜਾਂ ਤੋਂ ਪ੍ਰਹੇਜ ਕਰਨਾ ਚਾਹੀਦਾ ਹੈ ਅਤੇ ਆਪਣੇ ਘਰ ਵਿੱਚ ਤਾਜਾ ਤੇ ਸੁਧ ਖਾਣਾ ਬਣਾ ਕਿ ਖਾਣਾ ਚਾਹੀਦਾ ਹੈ ਕਿਉਂਕਿ ਸਿਹਤ ਸਭ ਤੋਂ ਵੱਡੀ ਨਿਆਮਤ ਹੈ, ਪਰ ਪੈਸੇ ਦੀ ਦੌੜ ਵਿੱਚ ਕੁਝ ਲਾਲਚੀ ਲੋਕਾਂ ਵੱਲੋਂ ਚੰਦ ਪੈਸਿਆਂ ਖਾਤਰ ਆਮ ਜਨਤਾ ਦੀ ਸਿਹਤ ਦਾ ਮਜ਼ਾਕ ਬਣਾ ਕੇ ਸਿਹਤ ਨਾਲ ਖਿਲਵਾੜ ਕਰ ਰਹੇ ਹਨ ।ਸੋਸਲ ਮੀਡੀਆ ਤੇ ਵਾਇਰਲ ਹੋਈ ਪੋਸਟ ਨੇ ਸਿਹਤ ਵਿਭਾਗ ਤੇ ਸਵਾਲੀਆ ਚਿੰਨ੍ਹ ਲਗਾਉਂਦਿਆਂ ਹੋਇਆਂ ਚਰਚਾ ਦਾ ਵਿਸ਼ਾ ਬਣਦਿਆਂ ਹੋਇਆ ਇਕ ਸੁਨੇਹਾ ਪ੍ਰਸ਼ਾਸਨ ਤੱਕ ਪਹੁੰਚਾਉਣ ਦਾ ਯਤਨ ਕੀਤਾ ਹੈ ਕਿ ਜੰਡਿਆਲਾ ਗੁਰੂ ਚ ਕੁਝ ਦੁਕਾਨਾਂ ’ਤੇ ਸ਼ਰੇਆਮ ਖਾਣ ਪੀਣ ਵਾਲੀਆਂ ਨਕਲੀ ਮਠਿਆਈਆਂ ਅਤੇ ਮਿਲਾਵਟੀ ਪਨੀਰ ਵੇਚਿਆ ਜਾ ਰਿਹਾ ਹੈ।ਜੋ ਨਕਲੀ ਪਨੀਰ ਸਾਡੇ ਪਰਿਵਾਰਾਂ, ਖ਼ਾਸਕਰ ਬੱਚਿਆਂ ਅਤੇ ਬਜ਼ੁਰਗਾਂ ਦੇ ਲਿਵਰ, ਢਿੱਡ ਅਤੇ ਸਿਹਤ ਨੂੰ ਪੂਰੀ ਤਰ੍ਹਾਂ ਬਰਬਾਦ ਕਰ ਰਿਹਾ ਹੈ ।ਜਿਸ ਵਿੱਚ ਪੈਸੇ ਪੂਰੇ ਲੈ ਕੇ ਬਿਮਾਰੀਆਂ ਵੰਡਣ ਵਾਲੇ ਇਨ੍ਹਾਂ ਦੁਕਾਨਦਾਰਾਂ ਖ਼ਿਲਾਫ਼ ਹੁਣ ਚੁੱਪ ਰਹਿਣਾ ਗੁਨਾਹ ਹੋਵੇਗਾ ।ਇਸ ਲਈ ਇਲਾਕੇ ਦੇ ਲੋਕਾਂ ਵੱਲੋਂ ਸਿਹਤ ਵਿਭਾਗ ਕੋਲੋਂ ਪੁਰਜ਼ੋਰ ਮੰਗ ਕੀਤੀ ਗਈ ਹੈ ਕਿ ਉਹ ਤੁਰੰਤ ਇਨ੍ਹਾਂ ਦੁਕਾਨਾਂ ਦੀ ਚੈਕਿੰਗ ਕਰਨ, ਅਤੇ ਮਠਿਆਈਆਂ , ਖਾਣ ਪੀਣ ਵਾਲੀਆਂ ਵਸਤੂਆਂ ਅਤੇ ਖਾਸਕਰ ਪਨੀਰ ਦੇ ਸੈਂਪਲ ਭਰੇ ਜਾਣ ਅਤੇ ਦੋਸ਼ੀਆਂ ਖ਼ਿਲਾਫ਼ ਅਜਿਹੀ ਸਖ਼ਤ ਕਾਰਵਾਈ ਕਰਨ ਜੋ ਦੂਜਿਆਂ ਲਈ ਮਿਸਾਲ ਬਣੇ। ਕਿਉਂਕਿ ਗਰਮੀ ਦੇ ਮੌਸਮ ਦੌਰਾਨ ਦੁੱਧ ਦੀ ਪੈਦਾਵਰ ਘਟ ਜਾਂਦੀ ਹੈ ਅਤੇ ਆਮ ਲੋਕਾਂ ਨੂੰ ਪੀਣ ਵਾਲਾ ਦੁੱਧ ਪੂਰਾ ਨਹੀਂ ਮਿਲ ਰਿਹਾ ਫਿਰ ਐਸੀ ਸਥਿਤੀ ਮੁਤਾਬਕ ਖੋਆ ਪਨੀਰ ਕਿਸ ਤਰ੍ਹਾਂ ਤਿਆਰ ਕੀਤਾ ਜਾ ਰਿਹਾ ਹੈ ।ਇਹ ਬਹੁਤ ਵੱਡੀ ਚਿੰਤਾ ਦਾ ਵਿਸਾ ਹੈ ਜਿਸ ਵਿੱਚ ਸਿਹਤ ਵਿਭਾਗ ਨੂੰ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਲੋਕਾਂ ਨੂੰ ਸੁਧ ਖਾਣ-ਪੀਣ ਵਾਲੀਆਂ ਚੀਜਾਂ ਮਿਲ ਸਕਣ।

**ਸੋਸ਼ਲ ਮੀਡੀਆ ਤੇ ਮੈਸੇਜ ਬਣ ਰਹੇ ਚਰਚਾ ਦਾ ਵਿਸ਼ਾ**

ਆਵਾਜ਼ਿ ਕੌਮ AWAZE QAUM International Newspaper & WEB TV

## ਲੋੜਵੰਦ ਬਜ਼ੁਰਗਾਂ ਨੂੰ ਕੌਂਸਲ ਵੱਲੋਂ ਮਦਦ ਕਰਨ ਦੀ ਵਿਚਾਰ, ਬਜ਼ੁਰਗਾਂ ਦੀ ਸਹੂਲਤ ਲਈ ਬਣਾਈ ਜਾਏਗੀ ਐਬੂਲੈਂਸ: ਸ਼ਰਮਾ




ਫਿਰੋਜ਼ਪੁਰ 7 ਜੂਨ (ਮਨੋਹਰ ਲਾਲ): ਅੱਜ ਸੀਨੀਅਰ ਸਿਟੀਜਨ ਕੌਂਸਲ ਰਜਿ. ਫਿਰੋਜ਼ਪੁਰ ਦੀ ਇਕ ਮੀਟਿੰਗ ਬਾਗਬਾਨ ਮਖੂ ਗੇਟ ਫਿਰੋਜ਼ਪੁਰ ਵਿਖੇ ਹੋਈ। ਜਿਸ ਵਿਚ ਵੱਡੀ ਗਿਣਤੀ ਵਿਚ ਕੌਂਸਲ ਅਹੁਦੇਦਾਰਾਂ ਤੇ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਕੌਂਸਲ ਦੇ ਪ੍ਰਧਾਨ ਪੀਡੀ ਸ਼ਰਮਾ ਨੇ ਦੱਸਿਆ ਕੌਂਸਲ ਹਰ ਮਹੀਨੇ ਆਪਣੇ ਮੈਂਬਰਾਂ ਦੇ ਜਨਮਦਿਨ ਧੂਮਧਾਮ ਨਾਲ ਮਨਾਉਂਦੀ ਹੈ। ਉਸੇ ਲੜੀ ਵਿਚ ਅੱਜ ਦੀ ਮੀਟਿੰਗ ਵਿਚ ਅਪ੍ਰੈਲ ਤੇ ਮਈ ਮਹੀਨੇ ਦੇ ਜਨਮ ਦਿਨ ਵਾਲੀ ਮੈਂਬਰਾਂ ਦੇ ਜਨਮ ਦਿਨ ਵਾਲੇ ਮੈਂਬਰਾਂ ਦੇ ਜਨਮ ਦਿਨ ਮਨਾਏ ਗਏ। ਕੌਂਸਲ ਦੀ ਰਿਵਾਇਤ ਅਨੁਸਾਰ ਅਸ਼ੋਕ ਕੱਕੜ ਵੱਲੋਂ ਧਾਰਮਿਕ ਗੀਤ ਸੁਣਾ ਕੇ ਮੀਟਿੰਗ ਆਗਾਜ਼ ਕੀਤਾ। ਕੌਂਸਲ ਦੇ ਕਲਾਕਾਰ ਸਵ. ਰਵਿੰਦਰ ਸ਼ਰਮਾ, ਦਾਸ ਕੁਮਾਰ ਗੁਲਾਟੀ, ਵਰਿੰਦਰ ਸ਼ਰਮਾ, ਪ੍ਰੇਮ ਕੁਮਾਰ ਗੁਰਦਿਆਲ ਸਿੰਘ ਵਿਰਕ, ਜਤਿੰਦਰ ਨਿਸ਼ਚਲ ਅਤੇ ਮਹਿੰਦਰ ਪਾਲ ਬਜਾਜ ਵੱਲੋਂ ਬਹੁਤ ਹੀ ਉਮਦਾ ਗੀਤ ਪੇਸ਼ ਕੀਤੇ ਗਏ। ਕੌਂਸਲ ਦੀ ਰਿਵਾਇਤ ਅਨੁਸਾਰ ਸਮੇਂ ਤੋਂ ਪਹਿਲਾ ਪੁੱਜਣ ਵਾਲੇ ਮੈਂਬਰਾਂ ਵਿੱਚੋਂ ਲੱਕੀ ਡਰਾ ਕੱਢਿਆ ਗਿਆ। ਜਿਸ ਵਿਚ ਵੀਰ ਚੰਦ ਨੇ ਪਹਿਲਾ ਇਨਾਮ ਜਿੱਤਿਆ। ਸਮੂਹ ਮੈਂਬਰਾਂ ਸਾਹਮਣੇ ਕੌਂਸਲ ਵੱਲੋਂ ਬਣਾਏ ਗਏ ਦੋ ਪ੍ਰੋਜੈਕਟ, ਲੋੜਵੰਦ ਬਜ਼ੁਰਗਾਂ ਨੂੰ ਕੌਂਸਲ ਵੱਲੋਂ ਸਹਾਇਤਾ, ਬਜ਼ੁਰਗਾਂ ਦੀ ਸਹੂਲਤ ਲਈ ਐਬੂਲੈਂਸ, ਵਿਸ਼ੇ ’ਤੇ ਸਮੂਹ ਹਾਜ਼ਰ ਮੈਂਬਰਾਂ ਵੱਲੋਂ ਵਿਚਾਰ ਵਟਾਂਦਰਾ ਕੀਤਾ ਗਿਆ ਵੱਖ ਵੱਖ ਮੈਂਬਰਾਂ ਵੱਲੋਂ ਇਸ ਵਿਸ਼ੇ ਉੱਪਰ ਆਪਣੇ ਵਿਚਾਰ ਦਿੱਤੇ, ਜਿਸ ਨੂੰ ਕੌਂਸਲ ਦੀ ਕਾਰਜਕਾਰਨੀ ਦੀ ਅਗਲੀ ਮੀਟਿੰਗ ਵਿਚ ਵਿਚਾਰ ਕਰਨ ਉਪਰੰਤ ਪਾਸ ਕੀਤਾ ਜਾਏਗਾ। ਜਨਮ ਦਿਨ ਵਾਲੇ ਸਾਥੀਆਂ ਨੂੰ ਗਿਫਟ ਦੇ ਕੇ ਸੀਨੀਅਰ ਸਿਟੀਜਨ ਕੌਂਸਲ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਦੇਵੀ ਦਾਸ ਸ਼ਰਮਾ ਨੂੰ ਕੌਂਸਲ ਦੇ ਅਧਿਕਾਰੀਆਂ ਵੱਲੋਂ ਦੋਸ਼ਾਲਾ ਭੇਂਟ ਕਰਕੇ ਸਮਾਨਿਤ ਕੀਤਾ ਗਿਆ। ਮੀਟਿੰਗ ਉਪਰੰਤ ਪ੍ਰਧਾਨ ਵੱਲੋਂ ਹਾਜ਼ਰ ਆਏ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।

## ਟਰੱਸਟ ਸਦਾ ਵਰਤ ਪਚਾਇਤੀ ਰਜ਼ਿ. ਜੋ ਕਿ 112 ਸਾਲਾਂ ਤੋਂ ਲਗਾਤਾਰ ਹਰ ਮਹੀਨੇ ਰਾਸ਼ਨ ਵੰਡਣ ਤੋਂ ਇਲਾਵਾ ਮਨੁੱਖਤਾ ਦੇ ਭਲੇ ਲਈ ਅਹਿਮ ਰੋਲ ਨਿਭਾ ਰਹੀ ਹੈ



**ਫਿਰੋਜ਼ਪੁਰ, 7 ਜੂਨ (ਮਨੋਹਰ ਲਾਲ)**-ਟਰੱਸਟ ਸਦਾ ਵਰਤ ਪਚਾਇਤੀ ਰਜਿ. ਵੱਲੋਂ ਜੋ ਕਿ 112 ਸਾਲਾਂ ਤੋਂ ਲਗਾਤਾਰ ਹਰ ਮਹੀਨੇ ਰਾਸ਼ਨ ਵੰਡਣ ਤੋਂ ਇਲਾਵਾ ਬਜ਼ੁਰਗ ਦੀ ਸਾਂਭ ਸੰਭਾਲ, ਪਸ਼ੂ, ਪੰਛੀ ਦੀ ਸਾਂਭ ਸੰਭਾਲ ਅਤੇ ਮਨੁੱਖਤਾ ਦੇ ਭਲੇ ਲਈ ਆਪਣਾ ਅਹਿਮ ਰੋਲ ਨਿਭਾ ਰਹੀ ਹੈ। ਅੱਜ ਰਾਸ਼ਨ ਵੰਡ ਸਮਾਰੋਹ ਵਿਚ ਟਰੱਸਟ ਸਦਾ ਵਰਤ ਪਚਾਇਤੀ ਰਜਿ. ਦੇ ਅਹੁਦੇਦਾਰ ਅਸ਼ਵਨੀ ਮੋਂਗਾ, ਓਮ ਪ੍ਰਕਾਸ਼, ਮਦਨ ਲਾਲ ਤੋਂ ਇਲਾਵਾ ਰਜਨੀਸ਼ ਕੁਮਾਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਹਾਜ਼ਰ ਸਨ। ਇਸ ਰਾਸ਼ਨ ਵੰਡ ਸਮਾਰੋਹ ਵਿਚ ਸਭ ਤੋਂ ਪਹਿਲਾਂ ਜਿਨ੍ਹਾਂ ਸਮਾਜ ਸੇਵਕਾਂ ਨੇ 1914 ਵਿਚ ਆਪਣੀ ਜ਼ਮੀਨ, ਜਾਇਦਾਦ ਅਤੇ ਪੈਸਾ ਇਸ ਟਰੱਸਟ ਦੇ ਨਾਮ ’ਤੇ ਚਲਾਇਆ ਉਨ੍ਹਾਂ ਪੁੰਨ ਆਤਮਾਵਾਂ ਨੂੰ ਸ਼ਰਧਾਂਜ਼ਲੀ ਦਿੱਤੀ। ਇਸ ਮੌਕੇ ਤੇ ਸ੍ਰੀ ਅਸ਼ਵਨੀ ਮੋਂਗਾ ਨੇ ਬੋਲਦਿਆਂ ਕਿਹਾ ਕਿ ਇਹ ਸੰਸਥਾ ਮਨੁੱਖਤਾ ਦੀ ਸੇਵਾ ਤੋਂ ਇਲਾਵਾ ਜਿਵੇਂ ਹਰ ਮਹੀਨੇ ਗਊ ਸ਼ਾਲਾ ਵਿਚ ਚਾਰੇ ਦਾ ਇੰਤਜ਼ਾਮ ਤੋਂ ਇਲਾਵਾ ਸ਼ਮਸ਼ਾਨਘਾਟ ਵਿਚ ਸ਼ੈੱਡ ਬਣਾ ਕੇ ਦੇਣਾ, ਬੱਚਿਆਂ ਦੇ ਸੰਸਕਾਰ ਕਰਨ ਤੇ ਵਧੀਆ ਸ਼ੈੱਡ ਬਨਾਉਣ ਦੇ ਨਾਲ ਨਾਲ ਪੰਛੀਆਂ ਦੀ ਸਾਂਭ ਸੰਭਾਲ ਲਈ ਆਲ੍ਹਣੇ ਬਨਾਉਣੇ ਤੋਂ ਇਲਾਵਾ ਉਨ੍ਹਾਂ ਲਈ ਹਰ ਰੋਜ਼ ਚੋਗਾ ਪਾਉਣ ਆਦਿ ਕੰਮ ਕਰ ਰਹੀ ਹੈ। ਇਸ ਮੌਕੇ ਤੇ ਪੀ.ਸੀ ਕੁਮਾਰ ਨੇ ਕਿਹਾ ਕਿ ਇਕੋ ਇਕ ਸੰਸਥਾ ਟਰੱਸਟ ਸਦਾਵਰਤ ਜੋ ਕਿ ਹਰ ਖੇਤਰ ਵਿਚ ਆਪਣਾ ਅਹਿਮ ਰੋਲ ਨਿਭਾ ਰਹੀ ਹੈ, ਜਿਵੇਂ ਕਿ ਬਜ਼ੁਰਗਾਂ ਨੂੰ ਦਵਾਈ ਆਦਿ ਦਾ ਇੰਤਜ਼ਾਮ ਕਰਨਾ। ਪੀ.ਸੀ. ਕੁਮਾਰ ਨੇ ਅੱਗੇ ਕਿਹਾ ਕਿ ਭਾਵੇਂ ਕਿ ਬਜ਼ੁਰਗਾਂ ਕੋਲ ਆਪਣੀਆਂ ਬਹੁਤ ਜ਼ਮੀਨ ਜਾਇਦਾਂ ਹਨ, ਪਰ ਉਨ੍ਹਾਂ ਨੂੰ ਕੋਈ ਸੰਭਾਲਣ ਵਾਲਾ ਨਹੀਂ। ਸਰਕਾਰ ਨੂੰ ਚਾਹੀਦਾ ਹੈ ਕਿ ਬਜ਼ੁਰਗਾਂ ਲਈ ਹਰ ਸ਼ਹਿਰ ਵਿਚ ਬਿਰਧ ਆਸ਼ਰਮ ਵਧੀਆ ਤਰ੍ਹਾਂ ਦਾ ਬਣਾ ਕੇ ਦੇਣ। ਇਸ ਤੋਂ ਇਲਾਵਾ ਸਿਵਲ ਹਸਪਤਾਲ ਵਿਚ ਉਨ੍ਹਾਂ ਲਈ ਦਵਾਈਆਂ ਲੈਣ ਲਈ ਵੱਖਰੀ ਖਿੜਕੀ ਬਣਾਈ ਜਾਵੇ ਨਾ ਖੜਕ ਕਰਕੇ ਉਹ ਦਵਾਈ ਨਾ ਲੈਣ ਕਰਕੇ ਵਾਪਸ ਆ ਜਾਂਦੇ ਹਨ। ਇਸ ਮੌਕੇ ਡੀ.ਕੇ. ਬਜਾਜ ਨੇ ਕਿਹਾ ਕਿ ਸਾਡੀ ਸੰਸਥਾ ਘਰ ਘਰ ਜਾ ਕੇ ਕਈ ਬਜ਼ੁਰਗਾਂ ਨੂੰ ਰਾਸ਼ਨ ਦੇ ਕੇ ਆਉਂਦੀ ਹੈ। ਇਸ ਮੌਕੇ ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਨੇ ਕਿਹਾ ਕਿ ਸਾਨੂੰ ਮਨੁੱਖਤਾ ਦੀ ਸੇਵਾ ਤੋਂ ਇਲਾਵਾ ਗਰੀਬ ਬੱਚਿਆਂ ਦੀਆਂ ਫੀਸਾਂ ਅਤੇ ਉਨ੍ਹਾਂ ਨੂੰ ਕਿਤਾਬਾਂ, ਵਰਦੀਆਂ ਲੈ ਕੇ ਦੇਣੀਆਂ ਚਾਹੀਦੀਆਂ ਹਨ ਅਤੇ ਵੱਧ ਰਹੀ ਗਰਮੀ ਲਈ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ ਤਾਂ ਜੋ ਵੱਧ ਰਹੀ ਗਰਮੀ ਦਾ ਪ੍ਰਕੋਪ ਘੱਟ ਸਕੇ। ਇਸ ਮੌਕੇ ਮੈਡਮ ਮਿਨੂੰ ਕਪੂਰ ਨੇ ਕਿਹਾ ਕਿ ਸਾਨੂੰ ਵਿਧਵਾ ਔਰਤਾਂ, ਬਜ਼ੁਰਗ ਮਾਤਾਵਾਂ ਦਾ ਵਿਸ਼ੇਸ਼ ਤੌਰ ’ਤੇ ਮੱਦਦ ਕਰਨੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਜਾਮੁਨ ਫਲ ਗੁਣਾਂ ਦਾ ਭੰਡਾਰ ਜਾਮੁਨ ਇੱਕ ਬਹੁਤ ਹੀ

# ਮਹੱਤਵਪੂਰਨ ਆਯੁਰਵੈਦਿਕ ਜੜੀ ਬੂਟੀ ਤੇ ਲਾਭਦਾਇਕ ਹੈ ਵਰੁਣ : ਸੋਨੀ

**ਜੰਡਿਆਲਾ ਗੁਰੂ, 7 ਜੂਨ (ਕੁਲਵੰਤ ਸਿੰਘ ਵਿਰਦੀ )**-ਜਾਮੁਨ ਫਲ ਗੁਣਾਂ ਦਾ ਭੰਡਾਰ ਸਾਡੇ ਦੇਸ਼ ਵਿੱਚ ਕਈ ਪ੍ਰਕਾਰ ਦੇ ਫਲਾਂ ਦੇ ਦਰੱਖਤ ਪਾਏ ਜਾਂਦੇ ਹਨ ।ਜਿੰਨਾਂ ਵਿੱਚੋਂ ਇੱਕ ਦਰੱਖਤ ਜਾਮੁਨ ਦਾ ਵੀ ਹੈ। ਜਿਸਦੇ ਬਾਰੇ ਵਿੱਚ ਤੁਸੀਂ ਸਾਰਿਆਂ ਨੇ ਹੀ ਸੁਣਿਆ ਜਰੂਰ ਹੋਵੇਗਾ। ਜਾਮੁਨ ਭਾਰਤ ਤੋਂ ਇਲਾਵਾ ਦੱਖਣੀ ਏਸ਼ੀਆ ਦੇ ਕਈ ਦੇਸ਼ਾਂ ਵਿੱਚ ਵੀ ਉਗਾਈ ਜਾਂਦੀ ਹੈ।ਜਾਮੁਨ ਦੇ ਦਰਖਤ ਨੂੰ ਰਾਜਮਨ ਕਾਲਾ ਜਾਮੁਨ, ਜਮਾਲੀ ਬਲੈਕਬੇਰੀ ਆਦਿ ਨਾਵਾਂ ਨਾਲ ਵੀ ਜਾਣਿਆ ਜਾਂਦਾ ਹੈ। ਜਾਮੁਨ ਇੱਕ ਬਹੁਤ ਹੀ ਮਹੱਤਵਪੂਰਨ ਆਯੁਰਵੈਦਿਕ ਜੜੀ ਬੂਟੀ ਹੈ। ਜਾਮੁਨ ਦਾ ਬੋਟੈਨੀਕਲ ਨਾਮ ਸਿਜ਼ੀਜਿਅਮ ਕਿਊਮਿਨੀ ਜਾਂ ਯੂਜੀਨੀਆ ਜੈਂਬੋਲਾਨਾ ਜਾਂ ਮਿਰਟਸ ਕਿਊਮਿਨੀ ਹੈ। ਇਸ ਨੂੰ ਜਾਮਬੁਲ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਇਸ ਸਭ ਬਾਰੇ ਜਾਣਕਾਰੀ ਸਾਂਝੀ ਕਰਦਿਆ ਹੋਇਆ ਵਰੁਣ ਸੋਨੀ ਜੰਡਿਆਲਾ ਗੁਰੂ 9878340058 ਨੇ ਕਿਹਾ ਕਿ ਇਸ ਰੁੱਖ ਦਾ 70 ਫੀਸਦੀ ਫਲ ਖਾਣ ਯੋਗ ਹੁੰਦਾ ਹੈ, ਜਿਸ ਵਿਚ ਗਲੂਕੋਜ਼ ਅਤੇ ਫਰਕਟੋਜ਼, ਦੋ ਮੁੱਖ ਸਰੋਤ ਪਾਏ ਜਾਂਦੇ ਹਨ। ਇਸ ਤੋਂ ਇਲਾਵਾ ਕੈਲੋਰੀ ਘੱਟ ਹੁੰਦੀ ਹੈ ਪਰ ਕਾਰਬੋਹਾਈਡ੍ਰੇਟ, ਪ੍ਰੋਟੀਨ ਅਤੇ ਕੈਲਸ਼ੀਅਮ ਦੀ ਮਾਤਰਾ ਜ਼ਿਆਦਾ ਹੁੰਦੀ ਹੈ ।ਇਸਤੋਂ ਇਲਾਵਾ ਇਸ ਵਿੱਚ ਵਿਟਾਮਿਨ ਬੀ, ਵਿਟਾਮਿਨ ਸੀ ਅਤੇ ਆਇਰਨ ਕਾਫੀ ਮਾਤਰਾ 'ਚ ਪਾਇਆ ਜਾਂਦਾ ਹੈ। ਇਹ ਲੇਖ ਪੜ੍ਹ ਕੇ ਤੁਹਾਨੂੰ ਬੜੀ ਹੈਰਾਨੀ ਹੋਵੇਗੀ ਕਿ ਜਾਮੁਨ ਦੇ ਪੌਦੇ ਦੇ ਫਲ ਤੋਂ ਇਲਾਵਾ ਵੀ ਇਸਦੇ ਦਰਖਤ ਦੀ ਛਿੱਲ ਇਸਦੀ ਲੱਕੜ ,ਇਸਦੇ ਪੱਤੇ ਅਤੇ ਇਸ ਦੀਆਂ ਗਿਟਕਾਂ ਦੇ ਵੀ ਬਹੁਤ ਲਾਭ ਹੁੰਦੇ ਹਨ ਗਰਮੀਆਂ ਦੇ ਵਿੱਚ ਜਦੋਂ ਅੰਬਾਂ ਦਾ ਮੋਸਮ ਸ਼ੁਰੂ ਹੁੰਦਾ ਹੈ ਤਾਂ ਜਾਮੁਨ ਵੀ ਬਾਜ਼ਾਰ 'ਚ ਆਉਣੇ ਸ਼ੁਰੂ ਹੋ ਜਾਂਦੇ ਹਨ। ਜਾਮੁਨ ਦੇ ਖਾਣ ਨਾਲ ਸਿਹਤ ਨੂੰ ਕਈ ਲਾਭ ਹੁੰਦੇ ਹਨ। ਜਿਵੇਂ ਕਿ ਅਸੀਂ ਜਾਣਦੇ ਹਾਂ ਕਿ ਜਾਮੁਨ ਗਰਮੀਆਂ ਦੇ ਮੌਸਮ ਵਿੱਚ ਆਉਂਦਾ ਹੈ। ਇਸ ਦੇ ਪਿੱਛੇ ਵੀ ਸ਼ਾਇਦ ਕੁਦਰਤ ਦਾ ਇੱਕ ਕਾਰਨ ਹੈ ।ਜਾਮੁਨ ਹੀਟਸਟ੍ਰੋਕ ਤੋਂ ਛੁਟਕਾਰਾ ਪਾਉਣ ਵਿੱਚ ਬਹੁਤ ਮਦਦ ਕਰਦਾ ਹੈ। ਇਸ ਨੂੰ ਖਾਣ ਨਾਲ ਕੈਂਸਰ, ਮੂੰਹ ਦੇ ਛਾਲੇ ਆਦਿ ਰੋਗਾਂ ਤੋਂ ਛੁਟਕਾਰਾ ਮਿਲਦਾ ਹੈ ਜੇਕਰ ਤੁਸੀਂ ਰੋਗ ਮੁਕਤ ਰਹਿਣਾ ਚਾਹੁੰਦੇ ਹੋ ਤਾਂ ਸਾਨੂੰ ਜਾਮੁਨ ਨੂੰ ਜਰੂਰ ਖਾਣਾ ਚਾਹੀਦਾ ਹੈ ।ਜਾਮੁਨ ਇੱਕ ਫਲ ਹੋਣ ਦੇ ਨਾਲ ਨਾਲ ਦਵਾਈ ਵੀ ਹੈ। ਜਾਮੁਨ ਖਾਣ ਦੇ ਅਨੇਕਾਂ ਹੀ ਫਾਇਦੇ ਹੁੰਦੇ ਹਨ ਜਿੰਨਾਂ ਬਾਰੇ ਸ਼ਾਇਦ ਤੁਸੀਂ ਅਨਜਾਣ ਹੀ ਹੋਵੋਗੇ। ਅੱਜ ਮੈਂ ਤੁਹਾਡੇ ਨਾਲ ਇਹ ਸਾਰੇ ਸਾਂਝੇ ਕਰ ਰਿਹਾ ਹਾਂ ।ਸਭ ਤੋਂ ਪਹਿਲਾਂ ਤਾਂ ਜਾਮੁਨ, ਸੂਗਰ ਰੋਗ ਵਿੱਚ ਬਹੁਤ ਹੀ ਫਾਇਦੇਮੰਦ ਹੁੰਦੀ ਹੈ। ਇਹ ਰੋਗੀ ਬਿਨਾਂ ਕਿਸੇ ਪਰੇਸ਼ਾਨੀ ਦੇ ਇਸਨੂੰ ਖਾਹ ਸਕਦੇ ਹਨ। ਇਸ ਬੀਮਾਰੀ ਤੋਂ ਪੀੜਤ ਰੋਗੀ ਨੂੰ ਜਿਵੇਂ ਜਾਮੁਨ ਦੇ ਗੂਦੇ ਤੋਂ ਇਲਾਵਾ ਇਸ ਦੀਆਂ ਗੁਠਲੀਆ ਨੂੰ ਛਾਂ ਵਿੱਚ ਸੁਕਾ ਕੇ ਪੀਸ ਲਵੋ। ਇਹਨਾਂ ਦਾ ਸੇਵਨ ਕਰਨ ਨਾਲ ਵੀ ਸੂਗਰ ਕੰਟਰੋਲ ਵਿੱਚ ਰਹਿੰਦਾ ਹੈ ਚੇਹਰੇ ਦੀ ਸੁੰਦਰਤਾ ਵਧਾਉਣ ਵਿੱਚ ਜਾਮੁਨ ਫਾਇਦੇਮੰਦ ਕਈ ਵਾਰ ਚੇਹਰੇ ਉੱਤੇ ਦਾਗ ਜਾਂ ਚਿੱਟੇ-ਚਿੱਟੇ ਧੱਬੇ ਪੈ ਜਾਂਦੇ ਹਨ। ਜਾਮੁਨ ਦੀਆਂ ਗਿਟਕਾਂ ਦਾ ਪੇਸਟ ਬਣਾ ਕੇ ਚੇਹਰੇ ਉੱਤੇ ਲਗਾਉਣ ਨਾਲ ਉਹ ਵੀ ਕੁਝ ਸਮੇਂ ਵਿੱਚ ਠੀਕ ਹੋ ਜਾਂਦੇ ਹਨ ।ਜਾਮੁਨ ਦੇ ਪੌਦੇ ਦਾ ਸੱਕ ਰਾਤ ਨੂੰ ਪਾਣੀ ਵਿੱਚ ਭਿਉਂ ਕੇ ਸਵੇਰੇ ਪੀਣ ਨਾਲ ਪੇਟ ਦੀਆਂ ਕਈ ਬੀਮਾਰੀਆਂ ਤੋਂ ਰਾਹਤ ਮਿਲਦੀ ਹੈ ਹੈ। ਜਾਮੁਨ ਵਿੱਚ ਪੋਟਾਸ਼ੀਅਮ, ਕੈਲਸ਼ੀਅਮ, ਆਇਰਨ, ਵਿਟਾਮਿਨ ਹੋਣ ਕਰਕੇ ਸਰੀਰ ਵਿੱਚ ਆਈ ਅਨੀਮੀਆ ਦੀ(ਖੂਨ ਦੀ ਕਮੀ) ਨੂੰ ਵੀ ਠੀਕ ਕਰਦੀ ਹੈ। ਇਸਦੇ ਖਾਣ ਨਾਲ ਖੂਨ ਦਾ ਸਤਰ ਵੱਧ ਜਾਂਦਾ ਹੈ। ਜਾਮੁਨ ਦੀਆਂ ਗਿਟਕਾਂ ਦਾ ਬਣਾਇਆ ਚੂਰਨ ਗੁਰਦੇ ਦੀ ਪੱਥਰੀ ਨੂੰ ਵੀ ਠੀਕ ਕਰਦਾ ਹੈ ਜਾਮੁਨ ਖਾਣ ਨਾਲ ਲੀਵਰ ਰੋਗ ਵੀ ਠੀਕ ਹੁੰਦਾ ਹੈ। ਜਾਮੁਨ ਦੇ ਪੌਦੇ ਦੇ ਪੱਤੇ ਚੱਬਣ ਨਾਲ ਜਿੱਥੇ ਦੰਦ ਅਤੇ ਮਸੂੜੇ ਤਾਕਤਵਰ ਹੁੰਦੇ ਹਨ ਉੱਥੇ ਮੂੰਹ ਵਿੱਚੋਂ ਆਉਂਦੀ ਗੰਦੀ ਬਦਬੂ ਵੀ ਬੰਦ ਹੋ ਜਾਂਦੀ ਹੈ। ਇਸ ਤੋਂ ਇਲਾਵਾ ਜੇ ਪੈਰ ਉੱਤੇ ਨਵੀਂ ਪਾਈ ਜੂਤੀ ਦੁਆਰਾ ਜਖਮ ਹੋ ਜਾਂਦਾ ਹੈ ਤਾਂ ਜਾਮੁਨ ਦੇ ਪੱਤੇ ਸਾੜ ਕੇ ਸਵਾਹ ਸਰੋਂ ਦੇ ਤੇਲ ਨਾਲ ਲਗਾਉਣ ਨਾਲ ਅਰਾਮ ਮਿਲਦਾ ਹੈ ।ਦੂਸਰਾ ਤੁਸੀਂ ਸੁਕੀਆਂ ਗਿਟਕਾਂ ਦਾ ਪੇਸਟ ਬਣਾ ਕੇ ਉਸ ਉੱਤੇ ਲਗਾ ਸਕਦੇ ਹੋ। ਇਹ ਸਾਰੇ ਤਾਂ ਹਨ ਜਾਮੁਨ ਖਾਣ ਦੇ ਫਾਇਦੇ ਪਰ ਇਸਨੂੰ ਖਾਣ ਤੋਂ ਪਹਿਲਾਂ ਸਾਨੂੰ ਇਸਦੇ ਖਾਣ ਦੇ ਨੁਕਸਾਨ ਤੇ ਜਾਮੁਨ ਨੂੰ ਕਦੇ ਵੀ ਖਾਲੀ ਪੇਟ ਨਹੀਂ ਖਾਣਾ ਚਾਹੀਦਾ ਨਹੀਂ ਤਾਂ ਸਾਨੂੰ ਉਲਟੀਆਂ ਲੱਗ ਸਕਦੀਆਂ ਹਨ। ਦੂਸਰਾ ਜੇ ਤੁਸੀਂ ਜਾਮੁਨ ਉੱਤੇ ਨਮਕ ਲਗਾ ਕੇ ਖਾਂਦੇ ਹੋ ਤਾਂ ਜਾਮੁਨ ਜਲਦੀ ਹਜ਼ਮ ਹੋ ਜਾਂਦੀ ਹੈ। ਸਭ ਤੋਂ ਜਰੂਰੀ ਜਾਮੁਨ ਖਾਣ ਤੋਂ ਬਾਅਦ ਦੁੱਧ ਕਦੇ ਵੀ ਨਹੀਂ ਪੀਣਾ ਚਾਹੀਦਾ ਜਿਆਦਾ ਜਾਮੁਨ ਖਾਣ ਨਾਲ ਸਾਡੇ ਸਿਰ ਵਿੱਚ ਦਰਦ, ਗਲਾ ਖਰਾਬ ਜਾਂ ਟੱਟੀਆਂ ਵੀ ਲੱਗ ਸਕਦੀਆਂ ਹਨ। ਇਸ ਜਾਮੁਨ ਦਾ ਵੱਧ ਤੋਂ ਵੱਧ ਸੇਵਨ 150-200ਗ੍ਰਾਮ ਤੱਕ ਹੀ ਠੀਕ ਹੈ ।ਇਹ ਸਾਰੇ ਤਾਂ ਹਨ ਜਾਮੁਨ ਖਾਣ ਦੇ ਲਾਭ ਜਾਂ ਨੁਕਸਾਨ ਪਰ ਹੁਣ ਮੈਂ ਤੁਹਾਡੇ ਨਾਲ ਜਾਮੁਨ ਦੇ ਪੌਦੇ ਦੀ ਲੱਕੜ ਦੇ ਬਾਰੇ ਵਿੱਚ ਗੱਲ ਕਰਦਾ ਹਾਂ ਜਿਸਦੇ ਬਾਰੇ ਵਿੱਚ ਸ਼ਾਇਦ ਤੁਸੀਂ ਪਹਿਲਾਂ ਇਸਦੇ ਬਾਰੇ ਵਿੱਚ ਨਹੀਂ ਜਾਣਦੇ ਹੋਵੇਗੇ ।ਜਾਮੁਨ ਦੀ ਲੱਕੜ :- ਜੇਕਰ ਜਾਮੁਨ ਦਾ ਮੋਟਾ ਲੱਕੜ ਦਾ ਟੁਕੜਾ ਪਾਣੀ ਦੀ ਟੈਂਕੀ ਵਿੱਚ ਰੱਖਿਆ ਜਾਵੇ ਤਾਂ ਟੈਂਕੀ ਵਿੱਚ ਐਲਗੀ ਜਾਂ ਹਰਾ ਨਹੀਂ ਜੰਮਦਾ ਹੈ ਅਤੇ ਨਾ ਹੀ ਪਾਣੀ ਸੜਦਾ ਹੈ। ਇਸ ਦੇ ਨਾਲ ਹੀ ਜ਼ਿਆਦਾ ਦੇਰ ਤੱਕ ਟੈਂਕੀ ਨੂੰ ਸਾਫ਼ ਕਰਨ ਦੀ ਜ਼ਰੂਰਤ ਨਹੀਂ ਹੁੰਦੀ। ਇਹੀ ਮੁੱਖ ਕਾਰਨ ਹੈ ਕਿ ਹੇਠਲੀ ਸਤ੍ਹਾ ਜੋ ਹਮੇਸ਼ਾ ਪਾਣੀ ਵਿੱਚ ਰਹਿੰਦੀ ਹੈ ਉਹ ਜਾਮੁਨ ਦੀ ਜਦੋਂ ਪਿੰਡ ਦੇ ਪਿੰਡਾਂ ਵਿੱਚ ਖੂਹ ਦੀ ਖੁਦਾਈ ਕੀਤੀ ਜਾਂਦੀ ਹੈ ਤਾਂ ਉਸ ਦੇ ਪੈਰਾਂ ਵਿੱਚ ਜਾਮੁਨ ਦੀ ਲੱਕੜ ਹੀ ਵਰਤੀ ਜਾਂਦੀ ਹੈ ।ਇਸ ਨੂੰ ਜਾਮੋਟ ਕਿਹਾ ਜਾਂਦਾ ਹੈ। ਅੱਜ-ਕੱਲ੍ਹ ਲੋਕ ਜਾਮੁਨ ਦੀ ਲੱਕੜ ਦੀ ਵਰਤੋਂ ਘਰ ਬਣਾਉਣ ਲਈ ਵੀ ਕਰਦੇ ਹਨ 700 ਸਾਲ ਬੀਤ ਜਾਣ ਤੋਂ ਬਾਅਦ ਵੀ ਇੱਥੋਂ ਦੇ ਪਾਣੀ ਦੇ ਚਸ਼ਮੇ ਸਿਲਟੇਸ਼ਨ ਜਾਂ ਹੋਰ ਰੁਕਾਵਟਾਂ ਕਾਰਨ ਕਦੇ ਵੀ ਬੰਦ ਨਹੀਂ ਹੋਏ ਹਨ ਤੁਹਾਨੂੰ ਦੱਸ ਦੇਈਏ ਕਿ ਉੱਤਰੀ ਭਾਰਤ ਵਿੱਚ ਜ਼ਿਆਦਾਤਰ ਖੂਹਾਂ ਅਤੇ ਪੌੜੀਆਂ ਦੇ ਹੇਠਾਂ ਜਾਮੁਨ ਦੀ ਲੱਕੜ ਦੀ ਵਰਤੋਂ ਕੀਤੀ ਜਾਂਦੀ ਸੀ। ਇਸ ਪੌੜੀ ਵਿੱਚ ਜਾਮੁਨ ਦੀ ਲੱਕੜ ਵੀ ਵਰਤੀ ਜਾਂਦੀ ਸੀ, ਜਿਸ ਦੀ 700 ਸਾਲ ਬਾਅਦ ਵੀ ਕੋਈ ਗਲੀ ਨਹੀਂ ਬਣੀ। ਖਾਸ ਗੱਲ ਇਹ ਹੈ ਕਿ ਇਨ੍ਹਾਂ ਚਸ਼ਮੇ ਦਾ ਪਾਣੀ ਅੱਜ ਵੀ ਬਹੁਤ ਮਿੱਠਾ ਅਤੇ ਸ਼ੁੱਧ ਮੰਨਿਆ ਜਾਂਦਾ ਹੈ। ਇਸ ਲਈ ਮੈਂ ਆਪ ਸਭ ਪਾਠਕਾਂ ਨੂੰ ਵੀ ਸਲਾਹ ਦਿੰਦਾ ਹਾਂ ਕਿ ਆਪਣੇ ਪੀਣ ਵਾਲੇ ਪਾਣੀ ਦੀ ਟੈਂਕੀ ਵਿੱਚ ਜਾਮੁਨ ਦੀ ਲੱਕੜ ਦਾ ਇੱਕ ਟੁਕੜਾ ਜਰੂਰ ਰੱਖੋ ਤਾਂ ਜੋ ਪਾਣੀ ਸ਼ੁੱਧ ਸਾਫ਼ ਰਹੇ ਅਤੇ ਮਿੱਠਾ ਰਹੇ। ਬਾਕੀ ਪਾਣੀ ਵਾਲੀ ਟੈਂਕੀ ਵਿੱਚ ਹਰੇ ਵਾਹੀ ਜਾਂ ਉੱਲੀ ਦੀ ਸਮੱਸਿਆ ਵੀ ਨਹੀਂ ਆਵੇਗੀ। ਇਸ ਨਾਲ ਜਿੱਥੇ ਤੁਹਾਡੀਆਂ ਟੂਟੀਆਂ ਵੀ ਬੰਦ ਹੋਣ ਤੋਂ ਬਚੀਆਂ ਰਹਿਣਗੀਆਂ ਉੱਥੇ ਪਾਣੀ ਵੀ ਸਾਫ਼ ਮਿਲੇਗਾ। ਉਪਰੋਕਤ ਕਾਫ਼ੀ ਜਾਣਕਾਰੀ ਅਲੱਗ-ਅਲੱਗ ਸਰੋਤਾਂ ਤੋਂ ਵੀ ਇਕੱਠੀ ਕੀਤੀ ਗਈ ਹੈ ਤਾਂ ਜੋ ਤੁਹਾਨੂੰ ਪੜ੍ਹ ਕੇ ਵੱਧ ਤੋਂ ਵੱਧ ਫਾਇਦਾ ਹੋ ਸਕੇ।



# ਦਮਦਮੀ ਟਕਸਾਲ ਵਿਖੇ ਦਸਤਾਰਾਂ ਸਜਾਉਣ ਦਾ ਕੈਂਪ ਲਗਾਇਆ ਗਿਆ



**ਚੌਕ ਮਹਿਤਾ, 7 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਸ਼ਹੀਦੀ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪ੍ਰਧਾਨ ਗੁਰਮੁੱਖ ਸਿੰਘ ਸਾਬਾ ਉਦੋ ਨੰਗਲ, ਸਰਪੰਚ ਰਜਿੰਦਰ ਸਿੰਘ, ਗੁਰਵੇਲ ਸਿੰਘ ਔਜਲਾ ਡੇਅਰੀਵਾਲ ਸ਼ਮਸ਼ੇਰ ਸਿੰਘ ਦੇ ਸਹਿਯੋਗ ਨਾਲ ਦਸਤਾਰਾਂ ਸਜਾਉਣ ਦਾ ਕੈਂਪ ਲਗਾਇਆ ਗਿਆ ਜਿਸ ਵਿੱਚ ਨੌਜਵਾਨਾਂ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਨੌਜਵਾਨਾਂ ਨੂੰ ਮੋਹਤਬਰਾ ਵੱਲੋਂ ਨਵੀਆਂ ਦਸਤਾਰਾਂ ਲੈਣ ਕੇ ਦਿੱਤੀਆਂ ਗਈਆਂ। ਇਸ ਮੌਕੇ ਤੇ ਪ੍ਰਧਾਨ ਗੁਰਮੁੱਖ ਸਿੰਘ ਸਾਬਾ ਉਦੋ ਨੰਗਲ, ਸਰਪੰਚ ਰਜਿੰਦਰ ਸਿੰਘ ਉਦੋਂ ਨੰਗਲ, ਸ਼ਮਸ਼ੇਰ ਸਿੰਘ, ਗੁਰਵੇਲ ਸਿੰਘ ਔਜਲਾ ਡੇਅਰੀਵਾਲ, ਭਾਈ ਨਿਰਮਲ ਸਿੰਘ, ਭਾਈ ਕਰਨਬੀਰ ਸਿੰਘ, ਭਾਈ ਜਗਤਾਰ ਸਿੰਘ, ਕਲਾਨੌਰ, ਭਾਈ ਰਵਿੰਦਰ ਸਿੰਘ ਬਟਾਲਾ, ਵੀਰ ਬਿਕਰਮਜੀਤ ਸਿੰਘ ਵੀਰ ਆਕਾਸ਼ਦੀਪ ਸਿੰਘ, ਵੀਰ ਗਗਨਦੀਪ ਸਿੰਘ ਮਾਂਗਾ ਸਰਾਂ ਆਦਿ ਹਾਜ਼ਰ ਸਨ।

# ਦਿੱਲੀ ਕਮੇਟੀ ਦੇ ਧਰਮ ਪ੍ਰਚਾਰ ਮੁੱਖੀ ਜਸਪ੍ਰੀਤ ਸਿੰਘ ਕਰਮਸਰ ਦੀ 'ਕਮਾਲ' ਕਾਰਗੁਜ਼ਾਰੀ ਨੇ ਧਰਮ ਪ੍ਰਚਾਰ ਦੀ ਹਕੀਕਤ ਫਿਰ ਕੀਤੀ ਬੇਨਕਾਬ - ਪਰਮਜੀਤ ਸਿੰਘ ਵੀਰਜੀ

ਗੁਰਦੁਆਰਾ ਬੰਗਲਾ ਸਾਹਿਬ ਵਿਖੇ "ਆਸਾ ਦੀ ਵਾਰ" ਵੀ ਸਮੇਂ ਸਿਰ ਨਾ ਕਰਵਾ ਸਕੇ, ਦੇਣ ਅਸਤੀਫਾ



ਨਵੀਂ ਦਿੱਲੀ 7 ਜੂਨ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਕਮੇਟੀ ਦੇ ਧਰਮ ਪ੍ਰਚਾਰ ਮੁੱਖੀ ਜਸਪ੍ਰੀਤ ਸਿੰਘ ਕਰਮਸਰ ਦੇ ਵਿਭਾਗ ਹੇਠ ਗੁਰਦੁਆਰਾ ਬੰਗਲਾ ਸਾਹਿਬ ਵਿਖੇ "ਆਸਾ ਦੀ ਵਾਰ" ਦਾ ਕੀਰਤਨ 35 ਮਿੰਟ ਦੇਰੀ ਨਾਲ ਸ਼ੁਰੂ ਹੋਣਾ ਗੰਭੀਰ ਪ੍ਰਬੰਧਕੀ ਨਾਕਾਮੀ ਹੈ। ਜਿਨ੍ਹਾਂ ਤੋਂ ਨੌਜਵਾਨਾਂ ਅਤੇ ਸੰਗਤ ਨੂੰ ਗੁਰਮਤਿ ਨਾਲ ਜੋੜਨ ਲਈ ਕੋਈ ਪ੍ਰਭਾਵਸ਼ਾਲੀ ਧਰਮ ਪ੍ਰਚਾਰ ਮੁਹਿੰਮ ਨਹੀਂ ਚਲਾਈ ਜਾ ਸਕੀ ਅਤੇ ਕਦੇ ਅੰਮ੍ਰਿਤ ਸੰਚਾਰ ਨੂੰ "ਫ੍ਰੀ ਸੇਵਾ" ਕਹਿ ਕੇ ਗੁਰਮਤਿ ਪਰੰਪਰਾਵਾਂ ਦਾ ਮਜ਼ਾਕ ਬਣਾਇਆ ਜਾਂਦਾ ਹੈ, ਉਨ੍ਹਾਂ ਦੇ ਕਾਰਜਕਾਲ ਵਿੱਚ ਹੁਣ ਗੁਰੂ ਘਰ ਦੀ ਮਰਿਆਦਾ ਨਾਲ ਜੁੜੀ ਇਹ ਚੂਕ ਵੀ ਸਾਹਮਣੇ ਆ ਗਈ ਹੈ। ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ-ਚੇਅਰਮੈਨ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਜਦੋਂ ਤੋਂ ਜਸਪ੍ਰੀਤ ਸਿੰਘ ਕਰਮਸਰ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ, ਉਦੋਂ ਤੋਂ ਪੰਥ ਅਤੇ ਸੰਗਤ ਦੇ ਹਿੱਤ ਵਿੱਚ ਕੋਈ ਵੀ ਅਜਿਹਾ ਸ਼ਲਾਘਾਯੋਗ ਜਾਂ ਯਾਦਗਾਰ ਕੰਮ ਸਾਹਮਣੇ ਨਹੀਂ ਆਇਆ ਜਿਸ ਨੂੰ ਧਰਮ ਪ੍ਰਚਾਰ ਵਿੰਗ ਦੀ ਵੱਡੀ ਪ੍ਰਾਪਤੀ ਵਜੋਂ ਗਿਣਿਆ ਜਾ ਸਕੇ। ਇਸ ਦੇ ਉਲਟ ਵਿਵਾਦਾਂ, ਗਲਤ ਬਿਆਨਾਂ ਅਤੇ ਪ੍ਰਬੰਧਕੀ ਨਾਕਾਮੀਆਂ ਨੇ ਹੀ ਵੱਧ ਚਰਚਾ ਬਟੋਰੀ ਹੈ। ਉਨ੍ਹਾਂ ਕਿਹਾ ਕਿ ਹਰ ਵਾਰ ਕਿਸੇ ਛੋਟੇ ਮੁਲਾਜ਼ਮ ਨੂੰ ਬਲੀ ਦਾ ਬੱਕਰਾ ਬਣਾ ਕੇ ਅਸਲ ਜ਼ਿੰਮੇਵਾਰਾਂ ਨੂੰ ਬਚਾਉਣ ਦੀ ਨੀਤੀ ਹੁਣ ਸੰਗਤ ਸਮਝ ਚੁੱਕੀ ਹੈ। ਜੇ ਧਰਮ ਪ੍ਰਚਾਰ ਕਮੇਟੀ ਦਾ ਮੁੱਖੀ ਆਪਣੇ ਵਿਭਾਗ ਦੀਆਂ ਬੁਨਿਆਦੀ ਜ਼ਿੰਮੇਵਾਰੀਆਂ ਵੀ ਨਹੀਂ ਨਿਭਾ ਸਕਦਾ ਤਾਂ ਉਸ ਨੂੰ ਅਹੁਦੇ 'ਤੇ ਬਣੇ ਰਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ। ਪਰਮਜੀਤ ਸਿੰਘ ਵੀਰਜੀ ਨੇ ਮੰਗ ਕੀਤੀ ਕਿ ਜਸਪ੍ਰੀਤ ਸਿੰਘ ਕਰਮਸਰ ਤੁਰੰਤ ਆਪਣੇ ਅਹੁਦੇ ਤੋਂ ਅਸਤੀਫਾ ਦੇਣ ਜਾਂ ਫਿਰ ਦਿੱਲੀ ਕਮੇਟੀ ਦੇ ਮੁੱਖ ਪ੍ਰਬੰਧਕ ਉਨ੍ਹਾਂ ਨੂੰ ਅਹੁਦੇ ਤੋਂ ਹਟਾ ਕੇ ਇਹ ਸਾਬਤ ਕਰਨ ਕਿ ਗੁਰੂ ਘਰ ਦੇ ਪ੍ਰਬੰਧ ਵਿੱਚ ਜਵਾਬਦੇਹੀ ਸਿਰਫ਼ ਛੋਟੇ ਕਰਮਚਾਰੀਆਂ ਲਈ ਨਹੀਂ, ਸਗੋਂ ਵੱਡੇ ਅਹੁਦਿਆਂ 'ਤੇ ਬੈਠੇ ਲੋਕਾਂ ਲਈ ਵੀ ਬਰਾਬਰ ਹੈ। ਉਨ੍ਹਾਂ ਕਿਹਾ ਕਿ ਸੰਗਤ ਹੁਣ ਬਹਾਨੇ ਨਹੀਂ, ਜਵਾਬ ਚਾਹੁੰਦੀ ਹੈ। ਜੇ ਧਰਮ ਪ੍ਰਚਾਰ ਵਿੰਗ ਆਪਣੀਆਂ ਮੁੱਢਲੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਹੀ ਅਸਫਲ ਰਹੇ ਤਾਂ ਇਸ ਦੀ ਜਵਾਬਦੇਹੀ ਸਿੱਧੀ ਤੌਰ 'ਤੇ ਉਸ ਦੇ ਮੁੱਖੀ 'ਤੇ ਆਉਂਦੀ ਹੈ। ਗੁਰੂ ਘਰ ਦੀ ਮਰਿਆਦਾ ਅਤੇ ਪ੍ਰਬੰਧ ਨਾਲ ਜੁੜੇ ਮਾਮਲਿਆਂ ਵਿੱਚ ਲਾਪਰਵਾਹੀ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਅੰਤ ਵਿਚ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਸੰਗਤ ਹੁਣ ਬਹਾਨੇ ਨਹੀਂ, ਜਵਾਬ ਚਾਹੁੰਦੀ ਹੈ; ਅਤੇ ਜਿੱਥੇ ਜਵਾਬ ਨਾ ਹੋਣ, ਉੱਥੇ ਅਸਤੀਫਾ ਹੀ ਇਕੱਲਾ ਸਨਮਾਨਜਨਕ ਰਸਤਾ ਹੁੰਦਾ ਹੈ।

# ਚੋਰੀ, ਲੁੱਟਖੋਹ ਅਤੇ ਹਿੰਸਾ ਜਿਹੀਆਂ ਘਟਨਾਵਾਂ ਦਾ ਇੱਕ ਵੱਡਾ ਕਾਰਨ ਨਸ਼ਾ ਪ੍ਰਿੰਸੀਪਲ ਕਮਲ ਕੁਮਾਰ



**ਜੰਡਿਆਲਾ ਗੁਰੂ, 7 ਜੂਨ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਆਪਣੀ ਸੰਸਕ੍ਰਿਤੀ, ਮਿਹਨਤੀ ਲੋਕਾਂ ਅਤੇ ਖੇਤੀਬਾੜੀ ਲਈ ਜਾਣਿਆ ਜਾਂਦਾ ਹੈ, ਪਰ ਅੱਜ ਇਹ ਧਰਤੀ ਨਸ਼ਿਆਂ ਦੀ ਭਿਆਨਕ ਸਮੱਸਿਆ ਨਾਲ ਜੂਝ ਰਹੀ ਹੈ ।ਨਸ਼ਾ ਨਾ ਸਿਰਫ਼ ਵਿਅਕਤੀ ਦੀ ਜ਼ਿੰਦਗੀ ਬਰਬਾਦ ਕਰਦਾ ਹੈ, ਸਗੋਂ ਪਰਿਵਾਰ ਅਤੇ ਸਮਾਜ ਨੂੰ ਵੀ ਡਿੱਗਣ ਵੱਲ ਧੱਕਦਾ ਹੈ ।ਅੱਜ ਕਈ ਨੌਜਵਾਨ ਨਸ਼ਿਆਂ ਦੀ ਲਤ ਵਿੱਚ ਫਸ ਰਹੇ ਹਨ। ਸ਼ੁਰੂ ਵਿੱਚ ਇਹ ਮਜ਼ੇ ਲਈ ਜਾਂ ਦਬਾਅ ਕਾਰਨ ਲਿਆ ਜਾਂਦਾ ਹੈ, ਪਰ ਹੌਲੀ-ਹੌਲੀ ਇਹ ਆਦਤ ਬਿਮਾਰੀ ਬਣ ਜਾਂਦੀ ਹੈ। ਇਸ ਨਾਲ ਸਿਹਤ ਖ਼ਰਾਬ ਹੋ ਜਾਂਦੀ ਹੈ, ਮਨੁੱਖ ਦੀ ਸੋਚਣ ਸਮਰੱਥਾ ਘੱਟ ਜਾਂਦੀ ਹੈ ਅਤੇ ਉਹ ਆਪਣੇ ਲਕਸ਼ ਤੋਂ ਦੂਰ ਹੋ ਜਾਂਦਾ ਹੈ ।ਨਸ਼ੇ ਕਾਰਨ ਅਪਰਾਧ ਵਿੱਚ ਵੀ ਵਾਧਾ ਹੋ ਰਿਹਾ ਹੈ। ਚੋਰੀ, ਲੁੱਟਖੋਹ ਅਤੇ ਹਿੰਸਾ ਜਿਹੀਆਂ ਘਟਨਾਵਾਂ ਦਾ ਇੱਕ ਵੱਡਾ ਕਾਰਨ ਨਸ਼ਾ ਹੈ। ਕਈ ਪਰਿਵਾਰ ਆਪਣੇ ਬੱਚਿਆਂ ਨੂੰ ਇਸ ਲਤ ਤੋਂ ਬਚਾਉਣ ਲਈ ਸੰਘਰਸ਼ ਕਰ ਰਹੇ ਹਨ, ਪਰ ਸਮੱਸਿਆ ਦਿਨੋਂ-ਦਿਨ ਵੱਧਦੀ ਜਾ ਰਹੀ ਹੈ ।ਇਸ ਸਮੱਸਿਆ ਦਾ ਹੱਲ ਸਿਰਫ਼ ਸਰਕਾਰ ਹੀ ਨਹੀਂ ਕਰ ਸਕਦੀ। ਸਮਾਜ ਦੇ ਹਰ ਹਿੱਸੇ ਨੂੰ ਆਪਣਾ ਯੋਗਦਾਨ ਦੇਣਾ ਪਵੇਗਾ। ਸਕੂਲਾਂ ਅਤੇ ਕਾਲਜਾਂ ਵਿੱਚ ਜਾਗਰੂਕਤਾ ਮੁਹਿੰਮ ਚਲਾਉਣੀ ਚਾਹੀਦੀ ਹੈ, ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਦੇ ਨੁਕਸਾਨ ਬਾਰੇ ਸਹੀ ਜਾਣਕਾਰੀ ਮਿਲ ਸਕੇ ।ਮਾਪਿਆਂ ਨੂੰ ਵੀ ਆਪਣੇ ਬੱਚਿਆਂ ਨਾਲ ਸਮਾਂ ਬਿਤਾਉਣਾ ਚਾਹੀਦਾ ਹੈ ਅਤੇ ਉਨ੍ਹਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣੀ ਚਾਹੀਦੀ ਹੈ। ਇਸ ਦੇ ਨਾਲ ਨਾਲ ਸਰਕਾਰ ਨੂੰ ਵੀ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਕੜੀ ਕਾਰਵਾਈ ਕਰਨੀ ਚਾਹੀਦੀ ਹੈ ।ਅੰਤ ਵਿੱਚ, ਅਸੀਂ ਸਾਰੇ ਮਿਲ ਕੇ ਇਹ ਸੌਂਹ ਚੁੱਕੀਏ ਕਿ ਨਸ਼ਿਆਂ ਤੋਂ ਦੂਰ ਰਹਾਂਗੇ ਅਤੇ ਹੋਰਨਾਂ ਨੂੰ ਵੀ ਇਸ ਤੋਂ ਬਚਾਉਣ ਦੀ ਕੋਸ਼ਿਸ਼ ਕਰਾਂਗੇ। ਜੇ ਅਸੀਂ ਅੱਜ ਸਚੇਤ ਹੋ ਜਾਵਾਂਗੇ, ਤਾਂ ਭਵਿੱਖ ਵਿੱਚ ਇੱਕ ਸਿਹਤਮੰਦ ਅਤੇ ਖੁਸ਼ਹਾਲ ਪੰਜਾਬ ਦੀ ਸਥਾਪਨਾ ਕਰ ਸਕਦੇ ਹਾਂ।

# ਪਿੰਡ ਬੱਗੂ ਵਾਲਾ ਵਿਖੇ 8 ਜੂਨ ਨੂੰ ਕਰਵਾਇਆ ਜਾ ਰਿਹਾ ਹੈ ਮਹਾਨ ਗੁਰਮਤਿ ਸਮਾਗਮ; ਸੰਗਤਾਂ ਵਿੱਚ ਭਾਰੀ ਉਤਸ਼ਾਹ

**ਫਿਰੋਜ਼ਪੁਰ 7 ਜੂਨ (ਮਨੋਹਰ ਲਾਲ)**-ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਪਾਵਨ ਸ਼ਹੀਦੀ ਦਿਹਾੜੇ ਅਤੇ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ, ਪਿੰਡ ਬੱਗੂ ਵਾਲਾ ਨੇੜੇ ਮੱਲਾਂਵਾਲਾ ਵਿਖੇ ਇਕ ਵਿਸ਼ਾਲ ਅਤੇ ਮਹਾਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਭਾਈ ਬਲਕਾਰ ਸਿੰਘ ਇਲਮੇਵਾਲਾ ਅੰਮ੍ਰਿਤ ਸੰਚਾਰ ਜਥੇ ਨੇ ਦੱਸਿਆ ਕਿ ਇਹ ਧਾਰਮਿਕ ਸਮਾਗਮ 8 ਜੂਨ 2026 ਦਿਨ ਸੋਮਵਾਰ ਨੂੰ ਸ਼ਾਮ 7 ਵਜੇ ਤੋਂ ਰਾਤ 10 ਵਜੇ ਤੱਕ ਬਹੁਤ ਹੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਜਾਵੇਗਾ। ਇਸ ਸਮਾਗਮ ਨੂੰ ਲੈ ਕੇ ਇਲਾਕੇ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਸਮਾਗਮ ਵਿਚ ਪ੍ਰਮੁੱਖ ਰਾਗੀ, ਢਾਡੀ ਅਤੇ ਕਥਾਵਾਚਕ ਜੱਥੇ ਭਰਨਗੇ ਹਾਜ਼ਰੀ ਲਵਾਉਣਗੇ। ਇਸ ਮਹਾਨ ਗੁਰਮਤਿ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਇਤਿਹਾਸ ਨਾਲ ਜੋੜਨ ਲਈ ਪੰਥ ਪ੍ਰਸਿੱਧ ਜੱਥੇ ਪਹੁੰਚ ਰਹੇ ਹਨ। ਇਨ੍ਹਾਂ ਵਿੱਚ ਮੁੱਖ ਤੌਰ 'ਤੇ ਪ੍ਰਚਾਰਕ ਰਾਗੀ ਬੀਬੀ ਗਗਨਦੀਪ ਕੌਰ ਪਹੂਵਿੰਡ ਵਾਲੇ, ਜੋ ਆਪਣੀ ਰਸਭਿੰਨੀ ਆਵਾਜ਼ ਵਿੱਚ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ।

ਢਾਡੀ ਭਾਈ ਰਣਜੀਤ ਸਿੰਘ ਸਭਰਾਵਾਂ ਵਾਲੇ, ਜੋ ਜੋਸ਼ੀਲੀਆਂ ਵਾਰਾਂ ਰਾਹੀਂ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਬਾਰੇ ਚਾਨਣਾ ਪਾਉਣਗੇ। ਕਥਾਵਾਚਕ ਭਾਈ ਦਵਿੰਦਰ ਸਿੰਘ ਸੋਨੂੰ ਵੀਰ (ਗੋਇੰਦਵਾਲ ਸਾਹਿਬ ਵਾਲੇ), ਜੋ ਗੁਰਮਤਿ ਵਿਚਾਰਾਂ ਅਤੇ ਗੁਰਬਾਣੀ ਦੀ ਵਿਆਖਿਆ ਰਾਹੀਂ ਸੰਗਤਾਂ ਦਾ ਮਾਰਗਦਰਸ਼ਨ ਕਰਨਗੇ। ਸਮਾਗਮ 'ਚ ਵੱਖ-ਵੱਖ ਥਾਵਾਂ ਤੋਂ ਮਹਾਂਪੁਰਖ ਅਤੇ ਪ੍ਰਮੁੱਖ ਧਾਰਮਿਕ ਸ਼ਖਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰ ਰਹੀਆਂ ਹਨ, ਜਿਨ੍ਹਾਂ ਵਿਚ ਬਾਬਾ ਸਿੰਦਰ ਸਿੰਘ ਜੀ ਸਭਰਾਵਾਂ ਵਾਲੇ, ਬਾਬਾ ਜਸਵੰਤ ਸਿੰਘ ਜੀ ਸੋਢੀ ਆਸਲਾਂ ਵਾਲੇ, ਬਾਬਾ ਦਿਲਬਾਗ ਸਿੰਘ ਜੀ ਆਰਿਫ਼ ਕੇ ਵਾਲੇ, ਬਾਪੂ ਤਰਸੇਮ ਸਿੰਘ ਜੀ ਵਾਰਸ ਪੰਜਾਬ, ਡਾ. ਮੁਖਤਿਆਰ ਸਿੰਘ ਫ਼ਿਰੋਜ਼ਪੁਰ ਵਾਲੇ, ਭਾਈ ਜਸਬੀਰ ਸਿੰਘ ਭੁੱਲਰ ਫ਼ਿਰੋਜ਼ਪੁਰ ਵਾਲੇ, ਬਾਬਾ ਪ੍ਰਤਾਪ ਸਿੰਘ ਬੰਡਾਲਾ, ਬਾਬਾ ਸਤਨਾਮ ਸਿੰਘ ਤੋਂ ਇਲਾਵਾ ਹੋਰ ਵੀ ਸਖਸ਼ੀਅਤਾਂ ਪਹੁੰਚ ਰਹੀਆਂ ਹਨ।

ਵਿਦੇਸ਼ਾਂ ਵਿੱਚ ਜੂਨ ’84 ਘੱਲੂਘਾਰੇ ਦੀ 42ਵੀਂ ਵਰ੍ਹੇਗੰਢ ਮੌਕੇ

# ਭਾਰਤੀ ਅੰਬੈਸੀਆਂ ਅੱਗੇ ਭਾਰੀ ਰੋਸ ਪ੍ਰਦਰਸ਼ਨ, ਖਾਲਿਸਤਾਨ ਹੱਕ ਵਿੱਚ ਨਾਅਰੇ




**ਨਵੀਂ ਦਿੱਲੀ, 7 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਜੂਨ 1984 ਦੇ ਘੱਲੂਘਾਰੇ ਅਤੇ ਸਾਕਾ ਨੀਲਾ ਤਾਰਾ ਦੀ 42ਵੀਂ ਵਰ੍ਹੇਗੰਢ ਮੌਕੇ ਕੈਨੇਡਾ, ਯੂਕੇ, ਜਰਮਨੀ, ਨਿਊਜ਼ੀਲੈਂਡ, ਇਟਲੀ ਅਤੇ ਕੈਲੀਫੋਰਨੀਆ ਸਮੇਤ ਵੱਖ-ਵੱਖ ਦੇਸ਼ਾਂ ਵਿੱਚ ਵਸਦੇ ਸਿੱਖਾਂ ਵੱਲੋਂ ਭਾਰਤੀ ਅੰਬੈਸੀਆਂ ਅਤੇ ਕੌਂਸਲੇਟਾਂ ਦੇ ਬਾਹਰ ਵੱਡੇ ਪੱਧਰ ’ਤੇ ਰੋਸ ਪ੍ਰਦਰਸ਼ਨ ਕੀਤੇ ਗਏ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਖਾਲਿਸਤਾਨੀ ਝੰਡੇ ਲਹਿਰਾਉਂਦੇ ਹੋਏ ਭਾਰਤ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਭਾਰਤੀ ਅੰਬੈਸੀਆਂ ਨੂੰ ਬੰਦ ਕਰਣ ਦੀ ਮੰਗ ਅਤੇ ਜੂਨ 1984 ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਣ ਦੇ ਨਾਲ ਭਾਰਤੀ ਝੰਡੇ ਦੀ ਵੱਡੇ ਪੱਧਰ ਤੇ ਬੇਹੁਰਮਤੀ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਸਾਕਾ ਨੀਲਾ ਤਾਰਾ ਸਿੱਖ ਇਤਿਹਾਸ ਦਾ ਸਭ ਤੋਂ ਦਰਦਨਾਕ ਅਤੇ ਨਾ ਭੁੱਲਿਆ ਜਾ ਸਕਣ ਵਾਲਾ ਅਧਿਆਇ ਹੈ, ਜਿਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਉੱਤੇ ਹੋਏ ਫੌਜੀ ਹਮਲੇ ਨੇ ਸਿੱਖ ਕੌਮ ਦੇ ਮਨਾਂ ’ਤੇ ਡੂੰਘੇ ਜ਼ਖ਼ਮ ਛੱਡੇ। ਉਨ੍ਹਾਂ ਕਿਹਾ ਕਿ ਇਸ ਘੱਲੂਘਾਰੇ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਅਤੇ ਇਸ ਨਾਲ ਸਬੰਧਤ ਸੱਚਾਈ ਅਤੇ ਇਨਸਾਫ਼ ਲਈ ਆਵਾਜ਼ ਉਠਾਉਣਾ ਸਮੇਂ ਦੀ ਲੋੜ ਹੈ। ਪ੍ਰਦਰਸ਼ਨਾਂ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਸਿੱਖ ਆਗੂਆਂ ਨੇ ਖਾਲਿਸਤਾਨ ਦੀ ਮੰਗ ਦੁਹਰਾਉਂਦਿਆਂ ਕਿਹਾ ਕਿ ਸਿੱਖ ਕੌਮ ਨੂੰ ਆਪਣੇ ਭਵਿੱਖ ਬਾਰੇ ਫ਼ੈਸਲਾ ਕਰਨ ਦਾ ਪੂਰਾ ਹੱਕ ਹੈ ਅਤੇ ਕੌਮੀ ਹੱਕਾਂ ਲਈ ਸੰਘਰਸ਼ ਜਾਰੀ ਰਹੇਗਾ। ਇਸ ਦੇ ਨਾਲ ਹੀ 1984 ਦੇ ਘੱਲੂਘਾਰੇ, ਨਵੰਬਰ 1984 ਸਿੱਖ ਕਤਲੇਆਮ ਅਤੇ ਸਿੱਖਾਂ ਉੱਤੇ ਹੋਏ ਹੋਰ ਕਥਿਤ ਜ਼ੁਲਮਾਂ ਦੇ ਮਾਮਲਿਆਂ ਵਿੱਚ ਇਨਸਾਫ਼ ਦੀ ਮੰਗ ਵੀ ਉਠਾਈ ਗਈ। ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੂਨ 1984 ਨਾਲ ਸਬੰਧਤ ਘਟਨਾਵਾਂ ਅਤੇ ਸਿੱਖਾਂ ਨਾਲ ਹੋਏ ਕਥਿਤ ਅਨਿਆਂ ਦੇ ਮਾਮਲੇ ਅੱਜ ਵੀ ਵਿਸ਼ਵ ਭਰ ਦੇ ਸਿੱਖ ਭਾਈਚਾਰੇ ਵਿੱਚ ਗਹਿਰੀ ਬੇਚੈਨੀ ਅਤੇ ਰੋਸ ਦਾ ਕਾਰਨ ਬਣੇ ਹੋਏ ਹਨ। ਉਨ੍ਹਾਂ ਕਿਹਾ ਕਿ ਜਦੋਂ ਤੱਕ ਇਨ੍ਹਾਂ ਮਾਮਲਿਆਂ ਵਿੱਚ ਪੂਰੀ ਸੱਚਾਈ ਸਾਹਮਣੇ ਨਹੀਂ ਆਉਂਦੀ ਅਤੇ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਵਿਦੇਸ਼ਾਂ ਵਿੱਚ ਸਿੱਖ ਭਾਈਚਾਰੇ ਵੱਲੋਂ ਆਪਣੀ ਆਵਾਜ਼ ਬੁਲੰਦ ਕੀਤੀ ਜਾਂਦੀ ਰਹੇਗੀ। ਕਈ ਥਾਵਾਂ ’ਤੇ ਭਾਰਤੀ ਡਿਪਲੋਮੈਟਿਕ ਮਿਸ਼ਨਾਂ ਦੇ ਬਾਹਰ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸਿੱਖਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ 1984 ਦੀਆਂ ਘਟਨਾਵਾਂ ਸਿਰਫ਼ ਇਤਿਹਾਸ ਦਾ ਹਿੱਸਾ ਨਹੀਂ, ਸਗੋਂ ਅੱਜ ਵੀ ਕੌਮ ਦੀ ਸਿਆਸੀ ਅਤੇ ਸਮਾਜਿਕ ਚੇਤਨਾ ਨੂੰ ਪ੍ਰਭਾਵਿਤ ਕਰਦੀਆਂ ਹਨ। ਬੁਲਾਰਿਆਂ ਨੇ ਦਾਅਵਾ ਕੀਤਾ ਕਿ ਵਿਸ਼ਵ ਪੱਧਰ ’ਤੇ ਸਿੱਖ ਨੌਜਵਾਨਾਂ ਵਿੱਚ ਆਪਣੇ ਇਤਿਹਾਸ ਅਤੇ ਕੌਮੀ ਹੱਕਾਂ ਪ੍ਰਤੀ ਜਾਗਰੂਕਤਾ ਲਗਾਤਾਰ ਵੱਧ ਰਹੀ ਹੈ, ਜਿਸ ਨੂੰ ਅਣਡਿੱਠਾ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਭਾਈ ਹਰਦੀਪ ਸਿੰਘ ਨਿੱਝਰ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਗਈ। ਪ੍ਰਦਰਸ਼ਨਕਾਰੀਆਂ ਨੇ ਨਿੱਝਰ ਕਤਲ ਮਾਮਲੇ ਵਿੱਚ ਨਾਮਜ਼ਦ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ। ਨਾਲ ਹੀ ਸਾਕਾ ਨੀਲਾ ਤਾਰਾ ਦੌਰਾਨ ਸਿੱਖ ਰੈਫਰੈਂਸ ਲਾਇਬ੍ਰੇਰੀ ਵਿੱਚੋਂ ਲਿਜਾਏ ਗਏ ਇਤਿਹਾਸਕ ਦਸਤਾਵੇਜ਼ਾਂ, ਹੱਥ-ਲਿਖਤ ਬੀੜਾਂ ਅਤੇ ਵਿਰਾਸਤੀ ਸਮਾਨ ਦੀ ਵਾਪਸੀ ਦੀ ਮੰਗ ਵੀ ਦੁਹਰਾਈ ਗਈ। ਵੈਨਕੂਵਰ ਸਥਿਤ ਭਾਰਤੀ ਅੰਬੈਸੀ ਦੇ ਬਾਹਰ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਵੱਖ-ਵੱਖ ਸਿੱਖ ਜਥੇਬੰਦੀਆਂ ਵੱਲੋਂ ਸ਼ਹੀਦਾਂ ਦੀ ਯਾਦ ਵਿੱਚ ਵਿਸ਼ੇਸ਼ ਸਮਾਗਮ ਵੀ ਕਰਵਾਇਆ ਗਿਆ। ਸਮਾਗਮ ਦੌਰਾਨ ਸੰਗਤਾਂ ਨੇ ਜੂਨ 1984 ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਅਹਿਦ ਦੁਹਰਾਇਆ ਕਿ ਕੌਮੀ ਇਨਸਾਫ਼, ਪਛਾਣ ਅਤੇ ਅਧਿਕਾਰਾਂ ਲਈ ਆਵਾਜ਼ ਉਠਾਉਣ ਦਾ ਸਿਲਸਿਲਾ ਜਾਰੀ ਰਹੇਗਾ। ਵਿਦੇਸ਼ਾਂ ਅੰਦਰ ਕੀਤੇ ਗਏ ਪ੍ਰਦਰਸ਼ਨਾਂ ਵਿਚ ਯੂਕੇ ਤੋਂ ਜਲਾਵਤਨੀ ਭਾਈ ਪਰਮਜੀਤ ਸਿੰਘ ਪੰਮਾ, ਭਾਈ ਅਮਰੀਕ ਸਿੰਘ ਗਿੱਲ, ਭਾਈ ਦਬਿੰਦਰਜੀਤ ਸਿੰਘ, ਭਾਈ ਜਸਪਾਲ ਸਿੰਘ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ, ਭਾਈ ਜੋਗਾ ਸਿੰਘ, ਭਾਈ ਰਘਵੀਰ ਸਿੰਘ ਵਾਲਸਾਲ, ਭਾਈ ਜੋਗਾ ਸਿੰਘ, ਕੈਨੇਡਾ ਤੋਂ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਮਨਜਿੰਦਰ ਸਿੰਘ, ਭਾਈ ਅਵਤਾਰ ਸਿੰਘ ਖਹਿਰਾ, ਯੂਐਸਏ ਤੋਂ ਭਾਈ ਸਰਬਜੀਤ ਸਿੰਘ ਸਾਬੀ, ਭਾਈ ਅਵਤਾਰ ਸਿੰਘ ਪਨੂੰ, ਨਿਊਜੀਲੈਂਡ ਤੋਂ ਭਾਈ ਰਵਿੰਦਰ ਸਿੰਘ, ਭਾਈ ਹਰਵਿੰਦਰ ਸਿੰਘ ਖਾਲਸਾ, ਭਾਈ ਅਮਨਦੀਪ ਸਿੰਘ, ਜਰਮਨ ਤੋਂ ਜੱਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਲਖਵਿੰਦਰ ਸਿੰਘ ਮਲੀ, ਭਾਈ ਹਰਮੀਤ ਸਿੰਘ, ਭਾਈ ਪ੍ਰਿਤਪਾਲ ਸਿੰਘ ਸਮੇਤ ਵਡੀ ਗਿਣਤੀ ਵਿਚ ਦਰਦਮੰਦ ਸਿੱਖ ਪੰਜਾਬੀ ਸੰਗਤਾਂ ਹਾਜਿਰ ਸਨ।

**ਕੌਮੀ ਇਨਸਾਫ਼, ਪਛਾਣ ਅਤੇ ਅਧਿਕਾਰਾਂ ਲਈ ਆਵਾਜ਼ ਉਠਾਉਣ ਦਾ ਸਿਲਸਿਲਾ ਰਹੇਗਾ ਜਾਰੀ**

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਮਾਣੂੰਕੇ ਸੰਧੂ ਵਿਖੇ ਮਰਹੂਮ ਚੌਧਰੀ ਬੂਟਾ ਸਿੰਘ ਦੀ ਯਾਦ ਵਿੱਚ ਤਾਸ਼ ਸੀਪ ਕੱਪ ਕਰਵਾਇਆ

## ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਕੀਤਾ ਸਨਮਾਨਿਤ





ਜਗਰਾਉਂ -(ਵਰਿਆਮ ਹਠੂਰ) ਜਿਲ੍ਹਾ ਲੁਧਿਆਣਾ ਦੇ ਪਿੰਡ ਮਾਣੂੰਕੇ ਸੰਧੂ ਦੀ ਅਨਾਜ ਮੰਡੀ ਵਿੱਚ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ, ਅਤੇ ਐੱਨ ਆਈ ਵੀਰਾਂ ਦੇ ਸਹਿਯੋਗ ਸਦਕਾ ਮਰਹੂਮ ਚੌਧਰੀ ਬੂਟਾ ਸਿੰਘ ਦੀ ਨਿੱਘੀ ਪਿਆਰੀ ਯਾਦ ਵਿੱਚ ਦੂਜਾ ਤਾਂਸ਼ ਸੀਪ ਕੱਪ ਕਰਵਾਇਆ ਗਿਆ, ਜਿਸ ਵਿੱਚ ਵੱਖ- ਵੱਖ ਥਾਵਾਂ ਤੋਂ ਪੁੱਜੀਆਂ ਟੀਮਾਂ ਨੇ ਤਾਂਸ਼ ਸੀਪ ਮੁਕਾਬਲਿਆਂ ਵਿੱਚ ਹਿੱਸਾ ਲਿਆ ਤੇ ਰੀਬਨ ਕੱਟਣ ਦੀ ਰਸਮ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਨੇ ਤਾੜੀਆਂ ਦੀ ਗੂੰਜ ਵਿੱਚ ਨਿਭਾਈ, ਪ੍ਰਬੰਧਕਾਂ ਵੱਲੋਂ ਜਿੱਥੇ ਪੁੱਜੀਆਂ ਟੀਮਾਂ ਨੂੰ ਜੀ ਆਇਆਂ ਆਖਿਆ ਉੱਥੇ ਲੰਗਰਾਂ ਦੇ ਵੀ ਖਾਸ਼ ਪ੍ਰਬੰਧ ਕੀਤੇ ਗਏ, ਸਾਰਾ ਦਿਨ ਟੀਮਾਂ ਵਿਚਕਾਰ ਦਿਲਚਸਪ ਮੁਕਾਬਲੇ ਚੱਲਦੇ ਰਹੇ ਤਾਂਸ ਸੀਪ ਕੱਪ ਤੇ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ ਤੇ ਸਮਾਜ ਸੇਵੀ ਰਾਜ ਗਿੱਲ ਝੱਲੀ ਯੂ.ਐੱਸ.ਏ ਦੇ ਪਰਿਵਾਰ, ਸੀਨੀਅਰ ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਸਮਾਜ ਸੇਵੀ ਜੀਵਨ ਕੁਮਾਰ ਗੋਲਡੀ ਗੋਇਲ, ਸਮਾਜ ਸੇਵੀ ਰਣਧੀਰ ਸਿੰਘ ਧੀਰਾ ਕੈਨੇਡਾ, ਟਰੱਕ ਯੂਨੀਅਨ ਹਠੂਰ ਦੇ ਪ੍ਰਧਾਨ ਬਲਦੇਵ ਸਿੰਘ ਮਾਣੂੰਕੇ, ਸ੍ਰੀ ਓਮ ਪ੍ਰਕਾਸ਼ ਗੋਇਲ, ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਬਲਾਕ ਸੰਮਤੀ ਮੈਂਬਰ ਪ੍ਰਮਿੰਦਰ ਸਿੰਘ ਭਾਂਬੜ, ਬਾਬਾ ਕਾਲਾ ਮਹਿਰ ਕਮੇਟੀ ਦੇ ਪ੍ਰਧਾਨ ਕਬੱਡੀ ਖਿਡਾਰੀ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਸਾਬਕਾ ਪੰਚ ਸਤਨਾਮ ਸਿੰਘ ਸੱਤੀ, ਪ੍ਰਧਾਨ ਰੂਪਾ ਛੱਜਾਵਾਲ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਦੇਰ ਸਾਮ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਗ੍ਰਾਮ ਪੰਚਾਇਤ ਪਿੰਡ ਮਾਣੂੰਕੇ, ਅਤੇ ਪ੍ਰਬੰਧਕੀ ਟੀਮ ਵੱਲੋਂ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਸੀਨੀਅਰ ਕਾਂਗਰਸੀ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਅਤੇ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਨੇ ਕਿਹਾ ਕਿ ਮਰਹੂਮ ਚੌਧਰੀ ਬੂਟਾ ਸਿੰਘ ਮਾਣੂੰਕੇ ਦੀ ਨਿੱਘੀ ਤੇ ਪਿਆਰੀ ਯਾਦ ਵਿੱਚ ਰਲ ਮਿਲ ਕੇ ਦੂਜਾ ਤਾਂਸ਼ ਸੀਪ ਕੱਪ ਕਰਵਾਇਆ ਗਿਆ, ਜਿੱਥੇ ਟੀਮਾ ਨੇ ਸ਼ਾਨਦਾਰ ਤਾਂਸ਼ ਸੀਪ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਚੰਗਾ ਖੇਡ ਪ੍ਰਦਰਸ਼ਨ ਕੀਤਾ ਉੱਥੇ ਮਾਣੂੰਕੇ ਨਗਰ ਦੀਆਂ ਸਤਿਕਾਰਯੋਗ ਸ਼ਖਸ਼ੀਅਤਾਂ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਅਗਲੇ ਸਾਲ ਕੋਸਿਸ ਰਹੇਗੀ ਕਿ ਇਸ ਤੋਂ ਵੀ ਹੋਰ ਵਧੀਆ ਤਾਂਸ਼ ਸੀਪ ਕੱਪ ਕਰਵਾਉਣ ਲਈ ਕਦਮ ਚੱਕੀਏ, ਇਸ ਮੌਕੇ ਗਾਇਕ ਪੰਮਾ ਮਾਣੂੰਕੇ ਅਤੇ ਲੱਖੀ ਮਾਣੂੰਕੇ ਨੇ ਆਪਣੇ ਗੀਤਾਂ ਰਾਹੀ ਹਾਜਰ ਦਰਸ਼ਕਾਂ ਦਾ ਮਨੋਰੰਜਨ ਕੀਤਾ, ਅੰਤ ਵਿੱਚ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਪੰਚਾਇਤ ਮੈਂਬਰ ਸਾਧੂ ਸਿੰਘ ਮਾਣੂੰਕੇ ਅਤੇ ਟਰੱਕ ਯੂਨੀਅਨ ਹਠੂਰ ਦੇ ਮੈਂਬਰ ਪਿੰਦਰ ਮਾਣੂੰਕੇ, ਪ੍ਰਧਾਨ ਬਲਜੀਤ ਸਿੰਘ ਝੱਲੀ, ਅਤੇ ਪ੍ਰਧਾਨ ਸਤਨਾਮ ਸਿੰਘ ਸੱਤੀ ਨੇ ਜੇਤੂ ਟੀਮਾਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਸਮੂਹ ਟੀਮਾਂ ਅਤੇ ਪੁੱਜੀਆਂ ਸਤਿਕਾਰਯੋਗ ਸਖ਼ਸੀਅਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਪ੍ਰਧਾਨ ਸੁਖਚੈਨ ਸਿੰਘ ਢਿੱਲੋਂ ਤਖਾਣਵੱਧ, ਹੈੱਡ ਕਲਰਕ ਮਹਿੰਦਰ ਸਿੰਘ ਕੁੱਸਾ, ਦੀਪ ਗਾਲਿਬ, ਕੁਲਦੀਪ ਸਿੰਘ ਰਾਏ, ਲਾਲੀ ਮਾਣੂੰਕੇ, ਰੂਪਾ ਛੱਜਾਵਾਲ, ਮੰਨਾ ਫੂਲੇਵਾਲ, ਗੁਰਮੇਲ ਪੱਤੋ, ਗੁਰਜੰਟ ਸਿੰਘ ਕੁੱਸਾ, ਡਾਕਟਰ ਮੋਹਣ ਸਿੰਘ ਮੱਲ੍ਹਾ, ਡਾਕਟਰ ਛੱਜਾਵਾਲ, ਰਾਜੂ ਦਾਇਆ, ਪ੍ਰਿੰਸ ਕੋਕਰੀ, ਮਾਸਟਰ ਕਾਉਂਕੇ, ਗੋਰਾ ਬਿੰਦਰ, ਅਤੇ ਅਨੇਕਾਂ ਖਿਡਾਰੀ, ਪ੍ਰਬੰਧਕੀ ਟੀਮ, ਅਤੇ ਦਰਸ਼ਕ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੰਤਰੀ ਰਵਜੋਤ ਸਿੰਘ ਵੱਲੋਂ ਸ਼ੇਖੂਪੁਰ ’ਚ 900 ਮੀਟਰ ਗਲੀ ਦਾ ਨਿਰਮਾਣ ਸ਼ੁਰੂ ਕਰਵਾਇਆ ਗਿਆ

**ਹੁਸ਼ਿਆਰਪੁਰ, ਸ਼ਾਮਚੁਰਾਸੀ,7 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੇ ਪ੍ਰਵਾਸੀ ਭਾਰਤੀ ਮਾਮਲੇ ਅਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਸ਼ੇਖੂਪੁਰ ਵਿਖੇ 900 ਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਸੜਕ ਪ੍ਰਤੀ ਪਿੰਡ ਵਾਸੀਆਂ ਵੱਲੋ ਪਿਛਲੇ ਕਰੀਬ 30 ਤੋਂ 35 ਸਾਲਾਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਤਰਜੀਹ ਦੇ ਆਧਾਰ ’ਤੇ ਮਨਜ਼ੂਰੀ ਦੇ ਕੇ ਅੱਜ ਕੰਮ ਦੀ ਸ਼ੁਰੂਆਤ ਕਰਵਾ ਦਿੱਤੀ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਪਿੰਡ ਦੇ ਲੋਕਾਂ ਨੂੰ ਆਵਾਜਾਈ ਵਿੱਚ ਆ ਰਹੀਆਂ ਮੁਸ਼ਕਲਾਂ ਤੋਂ ਵੱਡੀ ਰਾਹਤ ਮਿਲੇਗੀ, ਉਨ੍ਹਾਂ ਕਿਹਾ ਕਿ ਸੜਕਾਂ ਕਿਸੇ ਵੀ ਖੇਤਰ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਹੁੰਦੀਆਂ ਹਨ ਅਤੇ ਪੰਜਾਬ ਸਰਕਾਰ ਹਰ ਪਿੰਡ ਅਤੇ ਸ਼ਹਿਰ ਵਿੱਚ ਮਜ਼ਬੂਤ ਬੁਨਿਆਦੀ ਢਾਂਚਾ ਤਿਆਰ ਕਰਨ ਲਈ ਵਚਨਬੱਧ ਹੈ। ਮੰਤਰੀ ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸ਼ਾਮਚੁਰਾਸੀ ਵਿੱਚ ਵੀ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਲੋਕਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਪਿੰਡ ਦੇ ਕਈ ਪਰਿਵਾਰ ਅਤੇ ਨੌਜਵਾਨ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਡਾ. ਰਵਜੋਤ ਸਿੰਘ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਸਾਥੀਆਂ ਦਾ ਤਹਿ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਹਰ ਉਸ ਵਿਅਕਤੀ ਦਾ ਸਵਾਗਤ ਕਰਦੀ ਹੈ ਜੋ ਪੰਜਾਬ ਦੀ ਤਰੱਕੀ ਅਤੇ ਵਿਕਾਸ ਲਈ ਕੰਮ ਕਰਨਾ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਲੋਕ ਹੁਣ ਰਵਾਇਤੀ ਪਾਰਟੀਆਂ ਦੀ ਰਾਜਨੀਤੀ ਤੋਂ ਅੱਕ ਚੁੱਕੇ ਹਨ ਅਤੇ ਉਹ ਵਿਕਾਸ, ਪਾਰਦਰਸ਼ਤਾ ਅਤੇ ਇਮਾਨਦਾਰ ਸ਼ਾਸਨ ਨੂੰ ਤਰਜੀਹ ਦੇ ਰਹੇ ਹਨ, ਇਸੇ ਕਾਰਨ ਪੰਜਾਬ ਭਰ ਵਿੱਚ ਲੋਕ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਅੰਤ ਵਿੱਚ ਡਾ. ਰਵਜੋਤ ਸਿੰਘ ਨੇ ਕਿਹਾ ਕਿ ਹਲਕਾ ਸ਼ਾਮਚੁਰਾਸੀ ਦੇ ਹਰ ਪਿੰਡ ਅਤੇ ਹਰ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਅਤੇ ਖੇਤਰ ਦਾ ਸਰਵਪੱਖੀ ਵਿਕਾਸ ਕਰਵਾਉਣਾ ਉਨ੍ਹਾਂ ਦੀ ਮੁੱਖ ਵਚਨਬੱਧਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਾਬਾ ਬਕਾਲਾ ਸਾਹਿਬ ਵਿਖੇ

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵਿਸ਼ਾਲ ਸਮਾਗਮ



**ਬਾਬਾ ਬਕਾਲਾ ਸਾਹਿਬ, 7 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਬਾਬਾ ਬਕਾਲਾ ਸਾਹਿਬ ਵਿਖੇ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਇਕ ਵਿਸ਼ਾਲ ਸਮਾਗਮ ਕੌਆਰਡੀਨੇਟਰ ਸ: ਸਰਬਜੀਤ ਸਿੰਘ ਧੂਲਕਾ ਦੀ ਅਗਵਾਈ ਹੇਠ ਕਰਾਇਆ ਗਿਆ, ਜਿਸ ਵਿੱਚ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਵਿਧਾਇਕ ਸ: ਦਲਬੀਰ ਸਿੰਘ ਟੌਂਗ ਅਤੇ ਸ: ਕੰਵਲਪ੍ਰੀਤ ਸਿੰਘ ਚਾਹਲ ਐਸ.ਐਸ.ਪੀ. ਪੁਲਿਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਸ: ਕੁਲਦੀਪ ਸਿੰਘ ਛੱਜਲਵੱਡੀ ਬਤੌਰ ਮੁੱਖ ਮਹਿਮਾਨ ਵਜੋਂ ਸਾਮਿਲ ਹੋਏ, ਜਦਕਿ ਪ੍ਰਧਾਨਗੀ ਮੰਡਲ ਵਿੱਚ ਸ: ਸੁਖਪਾਲ ਸਿੰਘ ਡੀ.ਐਸ.ਪੀ. ਬਾਬਾ ਬਕਾਲਾ ਸਾਹਿਬ, ਸ: ਰਣਜੀਤ ਸਿੰਘ ਤਤਹਿਸੀਲਦਾਰ ਬਾਬਾ ਬਕਾਲਾ ਸਾਹਿਬ, ਸਰਬਜੀਤ ਸਿੰਘ ਬੀ.ਡੀ.ਪੀ.ਓ. ਰਈਆ ਸਮੇਤ ਹੋਰ ਅਧਿਕਾਰੀ ਸਾਮਿਲ ਹੋਏ ।ਹਲਕਾ ਵਿਧਾਇਕ ਸ: ਦਲਬੀਰ ਸਿੰਘ ਟੌਂਗ ਅਤੇ ਸ: ਕੰਵਲਪ੍ਰੀਤ ਸਿੰਘ ਚਾਹਲ ਐਸ.ਐਸ.ਪੀ. ਪੁਲਿਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ, ਨੇ ਕਿਹਾ ਕਿ ਨਸ਼ਿਆਂ ਦੇ ਮਾਮਲੇ ਵਿੱਚ ਕਿਸੇ ਦਾ ਲਿਹਾਜ ਨਹੀਂ ਹੋਵੇਗਾ । ਉਨ੍ਹਾਂ ਕਿਹਾ ਕਿ ਲੋਕ ਬਿਨਾਂ ਕਿਸੇ ਡਰ, ਭੈਅ ਦੇ ਨਸ਼ਾ ਵੇਚਣ ਜਾਂ ਕਰਨ ਵਾਲਿਆਂ ਦਾ ਸਾਨੂੰ ਦੱਸ ਸਕਦੇ ਹਨ, ਉਨ੍ਹਾਂ ਦਾ ਨਾਂ ਗੁਪਤ ਰੱਖਿਆ ਜਾਵੇਗਾ । ਇਸ ਮੌਕੇ "ਯੁੱਧ ਨਸ਼ਿਆਂ ਵਿਰੁੱਧ" ਨਾਲ ਸਬੰਧਿਤ ਸਾਰੇ ਕੌਆਰਡੀਨੇਟਰਾਂ, ਸਰਪੰਚਾਂ ਅਤੇ ਪੁੱਜੀਆਂ ਸਾਰੀਆਂ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਹਲਕਾ ਕੋਆਰਡੀਨੇਟਰ ਡਾ: ਸਰਬਜੀਤ ਸਿੰਘ ਧੂਲਕਾ, ਬਲਾਕ ਕੋਆਰਡੀਨੇਟਰ ਡਾਕਟਰ ਮਲਕੀਤ ਸਿੰਘ ਰੰਧਾਵਾ, ਜਥੇਦਾਰ ਬਲਦੇਵ ਸਿੰਘ ਬੋਦੇਵਾਲ, ਸੰਜੀਵ ਭੰਡਾਰੀ ਸੰਗਠਨ ਇੰਚਾਰਜ, ਸਰਪੰਚ ਗੁਰਚਰਨ ਸਿੰਘ ਰਾਣਾ ਕਾਲੇਕੇ, ਚੇਅਰਮੈਨ ਸੂਬੇਦਾਰ ਹਰਭਜਨ ਸਿੰਘ ਤਿੰਮੋਵਾਲ, ਵਾਈਸ ਚੇਅਰਮੈਨ ਜੋਗਰਾਜ ਸਿੰਘ ਜੋਗੀ, ਸਰਪੰਚ ਮਨੋਹਰ ਸਿੰਘ ਖੋਜਕੀਪੁਰ, ਸਰਪੰਚ ਕੰਵਲਜੀਤ ਸਿੰਘ ਭੋਰਛੀ, ਸਰਪੰਚ ਜਸਪਾਲ ਸਿੰਘ ਨਰਿੰਜਣਪੁਰ, ਕੌਂਸਲਰ ਗੁਰਮੀਤ ਸਿੰਘ ਪਨੇਸਰ, ਕੌਂਸਲਰ ਜੈਮਲ ਸਿੰਘ ਭੁੱਲਰ, ਕੌਂਸਲਰ ਸੁਖਦੇਵ ਸਿੰਘ ਪੱਡਾ, ਸਰਪੰਚ ਫੁਲਵਿੰਦਰ ਸਿੰਘ ਖਿਲਚੀਆਂ, ਲੱਖਾ ਸਿੰਘ ਠੱਠੀਆਂ ਚੱਕੀ ਵਾਲੇ, ਕੌਂਸਲਰ ਮਨਜਿੰਦਰ ਸਿੰਘ ਸਰਪੰਚ ਕਰਮਜੀਤ ਸਿੰਘ ਫੇਰੂਮਾਨ, ਸਰਪੰਚ ਹਰਜਿੰਦਰ ਸਿੰਘ ਟੌਂਗ, ਸਰਪੰਚ ਸੁਰਿੰਦਰਪਾਲ ਸਿੰਘ ਲੱਡੂ ਬਿਆਸ, ਚੇਅਰਮੈਨ ਗੁਰਦੇਵ ਸਿੰਘ ਖਾਲਸਾ, ਸਰਪੰਚ ਮਿੱਠੂ ਧੂਲਕਾ, ਸਰਪੰਚ ਸੁਰਿੰਦਰ ਸਿੰਘ ਕੰਗ ਬੁਟਾਰੀ ਸਟੇਸ਼ਨ, ਸਰਪੰਚ ਜਰਨੈਲ ਸਿੰਘ ਬੁਟਾਰੀ, ਸਰਪੰਚ ਗੁਰਜੀਤ ਸਿੰਘ ਫੱਤੂਵਾਲ, ਬੀਬੀ ਕਸ਼ਮੀਰ ਕੌਰ ਚੀਮਾਂਬਾਠ, ਸਰਪੰਚ ਦਲਜੀਤ ਸਿੰਘ ਸ਼ਾਹ ਜੋਧੇ, ਤੇਜਿੰਦਰ ਸਿੰਘ ਬੱਲ ਸਰਪੰਚ ਰਾਜਪੁਰ, ਤੇਜਵੰਤ ਸਿੰਘ ਬੱਲ, ਸਰਪੰਚ ਡਾ: ਸੋਹਣ ਸਿੰਘ ਐੱਮ.ਪੀ., ਸਰਪੰਚ ਜਤਿੰਦਰ ਸਿੰਘ ਜੋਤੀ ਦੌਲੋ ਨੰਗਲ, ਸਰਪੰਚ ਗੁਰਪ੍ਰੀਤ ਸਿੰਘ ਉੱਪਲ, ਸਰਪੰਚ ਪਰਦੀਪ ਸਿੰਘ ਬੋਦੇਵਾਲ, ਸਰਪੰਚ ਬਲਵਿੰਦਰ ਸਿੰਘ ਸਕਿਆਂਵਾਲੀ, ਸਰਪੰਚ ਜੋਧਾ ਸਿੰਘ ਛਾਪਿਆਂਵਾਲੀ, ਹੀਰਾ ਸਿੰਘ ਭੱਠੇ ਵਾਲੇ, ਸਰਪੰਚ ਗੁਰਪ੍ਰੀਤ ਸਿੰਘ ਬੂਲੇ ਨੰਗਲ, ਵਿਸ਼ਾਲ ਮੰਨਣ ਮੀਡੀਆ ਇੰਚਾਰਜ, ਜਗਬੀਰ ਸਿੰਘ ਸਰਪੰਚ ਸਰਾਂ ਤਲਵੰਡੀ, ਸਰਪੰਚ ਸ਼ਰਨਜੀਤ ਸਿੰਘ ਕੋਟ ਮਹਿਤਾਬ, ਤੇ ਹੋਰ ਹਾਜ਼ਰ ਸਨ ।

# ਡੀ.ਐਸ.ਪੀ. ਸਿੰਗਲਾ ਅਤੇ ਬਾਕੀ ਪੁਲਿਸ ਮੁਲਾਜਮਾ ਖ਼ਿਲਾਫ਼ ਤੁਰੰਤ ਪਰਚਾ ਦਰਜ ਕਰਕੇ ਇਹਨਾਂ ਨੂੰ ਬਰਖਾਸਤ ਕੀਤਾ ਜਾਵੇ : ਬੇਗਮਪੁਰਾ ਟਾਈਗਰ ਫੋਰਸ

## ਧਰਨਕਾਰੀਆਂ ਦੀਆਂ ਮੰਗਾਂ ਨੂੰ ਦਬਾ ਕੇ ਸਰਕਾਰ ਉਨ੍ਹਾਂ ਨੂੰ ਨਸ਼ਿਆਂ,ਅਤੇ ਅਪਰਾਧ ਕਰਨ ਵੱਲ ਧੱਕ ਰਹੀ ਹੈ : ਧਰਮਪਾਲ, ਕ੍ਰਿਸ਼ਨ ਲਾਲ,ਗੁਰਪ੍ਰਸ਼ਾਦ



**ਹੁਸ਼ਿਆਰਪੁਰ, 7 ਜੂਨ (ਆਵਾਜ਼ਿ ਕੌਮ ਬਿਊਰੋ)**- ਪਟਿਆਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਧਰਨਾ ਦੇ ਰਹੇ ਅਸਥਾਈ ਲਾਈਨਮੈਨਾਂ ਉੱਤੇ ਪੰਜਾਬ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ, ਕੁੱਟਮਾਰ ਅਤੇ ਧਰਨਾਕਾਰੀਆਂ ਨਾਲ ਬੇਰਹਿਮੀ ਨਾਲ ਕੀਤੇ ਗਏ ਵਤੀਰੇ ਦੀ ਬੇਗਮਪੁਰਾ ਟਾਈਗਰ ਫੋਰਸ ਨੇ ਸਖ਼ਤ ਘੋਰ ਨਿੰਦਾ ਕਰਦੀ ਹੈ। ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ, ਉੱਪ ਚੇਅਰਮੈਨ ਕ੍ਰਿਸ਼ਨ ਲਾਲ ਬਲੀਏਵਾਲ, ਅਤੇ ਗੁਰਪ੍ਰਸ਼ਾਦ ਸਿੰਘ ਖਾਮ ਬਲਾਕ ਪ੍ਰਧਾਨ ਮਾਛੀਵਾੜਾ ਸਾਹਿਬ ਨੇ ਸਾਂਝੇ ਰੂਪ ਵਿੱਚ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਭਾਰਤ ਦਾ ਸੰਵਿਧਾਨ ਹਰ ਨਾਗਰਿਕ ਨੂੰ ਸ਼ਾਂਤਮਈ ਢੰਗ ਨਾਲ ਇਕੱਠੇ ਹੋਣ, ਆਪਣੀ ਗੱਲ ਰੱਖਣ ਅਤੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਦਾ ਅਧਿਕਾਰ ਦਿੰਦਾ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਵਿੱਚ ਵਾਪਰੀ ਘਟਨਾ ਸੰਵਿਧਾਨ ਦੇ ਆਰਟੀਕਲ 14, 19, 21 ਅਤੇ 25 ਦੀ ਭਾਵਨਾ ਦੇ ਉਲਟ ਹੈ। ਸਰਕਾਰ ਅਤੇ ਪ੍ਰਸ਼ਾਸਨ ਦਾ ਕੰਮ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਸੁਣਨਾ ਅਤੇ ਉਨ੍ਹਾਂ ਦਾ ਹੱਲ ਕਰਨਾ ਹੁੰਦਾ ਹੈ, ਨਾ ਕਿ ਡੰਡੇ ਦੇ ਜ਼ੋਰ ਨਾਲ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣਾ। ਆਗੂਆਂ ਨੇ ਮੰਗ ਕੀਤੀ ਕਿ ਧਰਨਾਕਾਰੀਆਂ ਉੱਤੇ ਡੀ ਐਸ ਪੀ ਸੰਜੀਵ ਸਿੰਗਲਾ ਅਤੇ ਉਸ ਦੇ ਨਾਲ ਵਾਲੇ ਪੁਲਿਸ ਮੁਲਾਜ਼ਮਾਂ ਵਲੋ ਵਹਿਸ਼ੀਆਨਾ ਢੰਗ ਨਾਲ ਕੀਤੇ ਗਏ ਲਾਠੀਚਾਰਜ ਦੀ ਤੁਰੰਤ ਉੱਚ ਪੱਧਰੀ ਨਿਰਪੱਖ ਜਾਂਚ ਕਰਵਾਕੇ ਡੀ ਐਸ ਪੀ ਸਿੰਗਲਾ ਅਤੇ ਉਹਨਾਂ ਦੇ ਨਾਲ ਵਾਲੇ ਸਾਰੇ ਪੁਲਿਸ ਮੁਲਾਜ਼ਮਾਂ ਖ਼ਿਲਾਫ਼ ਬਣਦੀਆ ਧਰਾਵਾ ਤਹਿਤ ਐਫ ਆਈ ਆਰ ਦਰਜ ਕਰਕੇ ਡੀਐਸਪੀ ਸਮੇਤ ਸਾਰੇ ਦਰਿੰਦਿਆਂ ਨੂੰ ਸਲਾਖਾਂ ਦੇ ਪਿੱਛੇ ਸੁੱਟਿਆ ਜਾਵੇ। ਉਨ੍ਹਾਂ ਕਿਹਾ ਕਿ ਧਰਨਾਕਾਰੀਆਂ ਦੀਆਂ ਪੱਗਾਂ ਲਾਹੁਣ ਅਤੇ ਕੇਸਾਂ ਦੀ ਬੇਅਦਬੀ ਕਰਨ ਦੇ ਦੋਸ਼ ਬਹੁਤ ਹੀ ਗੰਭੀਰ ਦੋਸ਼ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿੱਚ ਪੱਗ ਅਤੇ ਕੇਸਾਂ ਦਾ ਵਿਸ਼ੇਸ਼ ਸਤਿਕਾਰ ਹੈ ਅਤੇ ਜੇਕਰ ਕਿਸੇ ਪੁਲਿਸ ਅਧਿਕਾਰੀ ਜਾਂ ਕਰਮਚਾਰੀ ਨੇ ਅਜਿਹਾ ਕੀਤਾ ਹੈ ਤਾਂ ਉਸ ਖ਼ਿਲਾਫ਼ ਤੁਰੰਤ ਪਰਚਾ ਦਰਜ ਹੋਣਾ ਚਾਹੀਦਾ ਹੈ।ਉਨ੍ਹਾਂ ਮੰਗ ਕੀਤੀ ਕਿ ਡੀਐਸਪੀ ਸਮੇਤ ਇਸ ਕਾਰਵਾਈ ਵਿੱਚ ਸ਼ਾਮਲ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਤੁਰੰਤ ਬਰਖਾਸਤ ਕੀਤਾ ਜਾਵੇ ਅਤੇ ਪੀੜਤ ਧਰਨਾਕਾਰੀਆਂ ਨੂੰ ਇਨਸਾਫ਼ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਕਾਨੂੰਨ ਦੇ ਰਖਵਾਲਿਆਂ ਵੱਲੋਂ ਹੀ ਕਾਨੂੰਨ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰਨਾ ਬਹੁਤ ਦੁਖਦਾਈ ਅਤੇ ਚਿੰਤਾਜਨਕ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਲੋਕਤੰਤਰੀ ਸਰਕਾਰ ਨੂੰ ਆਪਣੇ ਹੀ ਨਾਗਰਿਕਾਂ ਅਤੇ ਮੁਲਾਜ਼ਮਾਂ ਨਾਲ ਦੁਸ਼ਮਣਾਂ ਤੋਂ ਵੀ ਭੈੜਾ ਸਲੂਕ ਨਹੀਂ ਕਰਨਾ ਚਾਹੀਦਾ, ਸਗੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦਾ ਹੱਲ ਕਰਨਾ ਚਾਹੀਦਾ ਹੈ।ਉਹਨਾ ਕਿਹਾ ਕਿ ਕਿਸੇ ਵੀ ਸਮੱਸਿਆ ਦਾ ਹੱਲ ਲਾਠੀਆਂ ਜਾਂ ਜਬਰ ਨਾਲ ਨਹੀਂ ਨਿਕਲਦਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਵਿਭਾਗ ਨੂੰ ਦੂਸਰੇ ਵਿਭਾਗ ਦੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਸਾਥ ਦੇਣਾ ਚਾਹੀਦਾ ਹੈ।ਅੱਜ ਜੇਕਰ ਬਿਜਲੀ ਵਿਭਾਗ ਦੇ ਲਾਈਨਮੈਨ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ ਤਾਂ ਕੱਲ੍ਹ ਇਹੀ ਹਾਲਾਤ ਕਿਸੇ ਹੋਰ ਵਿਭਾਗ ਦੇ ਕਰਮਚਾਰੀਆਂ ਸਾਹਮਣੇ ਵੀ ਆ ਸਕਦੇ ਹਨ। ਉਨ੍ਹਾਂ ਕਿਹਾ ਕਿ ਪੁਲਿਸ ਮੁਲਾਜ਼ਮਾਂ ਦੇ ਬੱਚੇ ਵੀ ਪੜ੍ਹ-ਲਿਖ ਕੇ ਅੱਗੇ ਨੌਕਰੀਆਂ ਅਤੇ ਰੁਜ਼ਗਾਰ ਦੀ ਮੰਗ ਕਰਨਗੇ, ਇਸ ਲਈ ਲਾਠੀਚਾਰਜ ਕਿਸੇ ਸਮੱਸਿਆ ਦਾ ਹੱਲ ਨਹੀਂ ਹੈ। ਪੁਲਿਸ ਅਤੇ ਪ੍ਰਸ਼ਾਸਨ ਦਾ ਫ਼ਰਜ਼ ਬਣਦਾ ਹੈ ਕਿ ਉਹ ਸੰਘਰਸ਼ ਕਰ ਰਹੇ ਨੌਜਵਾਨਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਮੁੱਖ ਮੰਤਰੀ ਅਤੇ ਸਰਕਾਰ ਤੱਕ ਪਹੁੰਚਾਉਣ ਅਤੇ ਉਨ੍ਹਾਂ ਦੇ ਹੱਲ ਲਈ ਸਕਾਰਾਤਮਕ ਭੂਮਿਕਾ ਨਿਭਾਉਣ।

# ਇੱਕ ਨਜ਼ਰ ...



## ਯੁਵਕ ਸੇਵਾਵਾਂ ਵਿਭਾਗ ਵੱਲੋਂ ਵਾਤਾਵਰਨ ਦਿਵਸ ਮੌਕੇ ਲਗਾਏ ਗਏ 9000 ਤੋਂ ਵੱਧ ਪੌਦੇ

ਹੁਸ਼ਿਆਰਪੁਰ, 7 ਜੂਨ (ਆਵਾਜ਼ਿ ਕੌਮ ਬਿਊਰੋ)- ਯੁਵਕ ਸੇਵਾਵਾਂ ਵਿਭਾਗ ਹੁਸਿਆਰਪੁਰ ਦੁਆਰਾ ਮੁੱਖ ਮੰਤਰੀ ਭਗਵੰਤ ਮਾਨ ਦੇ ਤੰਦਰੁਸਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦੀ ਸਰਪ੍ਰਸਤੀ ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ ਦੁਆਰਾ ਜਿਲਾ ਹੁਸ਼ਿਆਰਪੁਰ ਵਿੱਚ ਯੁਵਕ ਸੇਵਾਵਾਂ ਵਿਭਾਗ ਨਾਲ ਸੰਬਧਤ ਯੂਥ ਕਲੱਬਾਂ , ਐਨ ਐਸ ਐਸ ਯੂਨਿਟਾਂ , ਰੈਡ ਰੀਬਨ ਕਲੱਬਾਂ ਦੇ ਮੈਂਬਰਾਂ ਦੀ ਮਦਦ ਨਾਲ ਮਨਾਇਆਂ ਗਿਆ ਵਾਤਾਵਰਨ ਦਿਵਸ , ਇਸ ਮੌਕੇ ਤੇ ਜਿਲੇ ਭਰ ਦੇ ਵਲੰਟੀਅਰਾਂ ਵਲੋਂ ਛੁਟੀਆਂ ਹੋਣ ਦੇ ਬਾਵਜੂਦ ਆਪੋ-ਆਪਣੇ ਘਰ, ਗਲੀ, ਮੁਹਲੇ ਅਤੇ ਕੁੱਝ ਇੱਕ ਸਾਂਝੀਆ ਥਾਵਾਂ ਤੇ 9000 ਤੋਂ ਵੱਧ ਪੋਦੇ ਲਗਾਏ ਗਏ। ਪ੍ਰੀਤ ਕੋਹਲੀ ਨੇ ਦਸਿਆ ਕਿ ਛੁਟੀਆਂ ਦੇ ਚਲਦਿਆ ਸਮੂਹ ਸਕੂਲ/ਕਾਲਜ ਬੰਦ ਸਨ ਇਸ ਲਈ ਸਕੂਲਾਂ/ ਕਾਲਜਾਂ ਦੇ ਪ੍ਰੋਗਰਾਮ ਅਫਸਰਾਂ ਨੂੰ ਵਟਸਅਪ ਗਰੁਪ ਰਾਂਹੀ ਇੱਕਠਾਂ ਕੀਤਾ ਗਿਆ ਉਹਨਾਂ ਨਾਲ ਆਨਲਾਈਨ ਮੀਟਿੰਗ ਕੀਤੀ ਗਈ ਅਤੇ ਉਹਨਾਂ ਨੂੰ ਪੋਦਾਰੋਪਣ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਜਿਸ ਦੇ ਨਤੀਜੇ ਵਲੋਂ ਇਹਨਾਂ ਵਧੀਆ ਰਿਸਪੌਸ ਵੇਖਣ ਨੂੰ ਮਿਲਿਆ।ਪੌਦੇ ਲਗਾ ਕਿ ਵਾਤਾਵਰਨ ਦਿਵਸ ਮਨਾਉਣ ਦੀ ਜੋ ਸੁਰੂਆਤ ਕੀਤੀ ਗਈ, ਉਹਨਾਂ ਕਿਹਾ ਕਿ ਵਾਤਾਵਰਨ ਦਿਵਸ ਮਨਾਉਣ ਦੀ ਸ਼ੁਰਆਤ ਅੱਜ ਕੀਤੀ ਗਈ ਹੈ ਪਾਣੀ ਦੀ ਬਚਤ ਕਰਨ ਲਈ ਵੀ ਪਿੰਡਾ ਤੇ ਸਹਿਰਾਂ ਦੇ ਯੁਵਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਧਰਤੀ ਹੇਠ ਪੋਦਿਆ ਦਾ ਰਕਬਾ ਵਧਾਉਣ ਲਈ ਵਿਭਾਗ ਵਲੋਂ 20,000 ਤੋਂ ਵੱਧ ਪੋਦੇ ਜ਼ਿਲਾ ਹੁਸ਼ਿਆਰਪੁਰ ਵਿਖੇ ਲਗਾਉਣ ਦਾ ਟੀਚਾ ਮਿਥੀਆ ਗਿਆ ਹੈ ਇਸ ਲਈ ਜੰਗਲਾਤ ਮਹਿਕਮੇ ਤੋਂ ਵੀ ਯੋਗ ਮਦਦ ਲਈ ਜਾਵੇਗੀ।ਤਾਂਕਿ ਵਾਤਾਵਰਣ ਨੂੰ ਸੰਤੂਲਿਤ ਕਰਨ ਵਿੱਚ ਆਪਣਾ ਹਿੱਸਾ ਪਾਇਆ ਜਾ ਸਕੇ ।

## ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ ਤੇ ਕੀਤੇ ਪੁਲਿਸ ਜਬਰ ਦੀ ਨਿਖੇਧੀ

ਹੁਸ਼ਿਆਰਪੁਰ, 7 ਜੂਨ (ਆਵਾਜ਼ਿ ਕੌਮ ਬਿਊਰੋ)- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਆਨਲਾਈਨ ਮੀਟਿੰਗ ਸਾਂਝਾ ਫਰੰਟ ਤੇ ਕਨਵੀਨਰ ਸਾਥੀ ਸੁਖਦੇਵ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਪ੍ਰਮੁੱਖ ਆਗੂਆਂ ਸਤੀਸ਼ ਰਾਣਾ, ਕਰਮ ਸਿੰਘ ਧਨੋਆ, ਗਗਨਦੀਪ ਸਿੰਘ ਭੁੱਲਰ, ਕੁਲਵਿੰਦਰ ਸਿੰਘ, ਜਗਦੀਸ਼ ਸਿੰਘ ਚਾਹਲ, ਸੁਰਿੰਦਰ ਰਾਮ ਕੁੱਸਾ, ਰਾਧੇ ਸ਼ਾਮ, ਸੁਰਜੀਤ ਸਿੰਘ ਗਗੜਾ, ਕਰਮਜੀਤ ਸਿੰਘ ਬੀਹਲਾ, ਰਣਜੀਤ ਸਿੰਘ ਰਾਣਵਾ, ਧਨਵੰਤ ਸਿੰਘ ਭੱਠਲ, ਜਰਮਨਜੀਤ ਸਿੰਘ, ਬਾਜ ਸਿੰਘ ਖਹਿਰਾ, ਮਨਜੀਤ ਸਿੰਘ ਬਾਸਰਕੇ, ਕੁਲਦੀਪ ਸਿੰਘ ਉਦੋਕੇ, ਜਸਵੀਰ ਤਲਵਾੜਾ, ਬੋਬਿੰਦਰ ਸਿੰਘ ਅਤੇ ਦਿਗਵਿਜੇ ਪਾਲ ਸ਼ਰਮਾ ਨੇ ਆਖਿਆ ਕਿ ਅੱਜ ਦੀ ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਇਸ਼ਾਰੇ ਤੇ ਪਟਿਆਲਾ ਪੁਲਿਸ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ ਤੇ ਕੀਤੇ ਅੰਨੇ ਪੁਲਿਸ ਤਸ਼ਦਦ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਆਖਿਆ ਕਿ ਹੱਕ ਮੰਗਦੇ ਬੇਰੁਜ਼ਗਾਰ ਨੌਜਵਾਨਾ ਨੂੰ ਨਿਰਦੇਈ ਪੁਲਿਸ ਵੱਲੋਂ ਸ਼ਲੀਆਂ ਵਾਂਗ ਕੁੱਟਿਆ ਗਿਆ। ਆਗੂਆਂ ਆਖਿਆ ਕਿ ਜਾਲਮ ਡੀਐਸਪੀ ਸਮੇਤ ਸਮੁੱਚੇ ਦੋਸ਼ੀ ਪੁਲਿਸ ਕਰਮਚਾਰੀਆਂ ਤੇ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਪੰਜਾਬ ਸਰਕਾਰ ਬੇਰੁਜ਼ਗਾਰ ਨੌਜਵਾਨਾਂ ਨਾਲ ਗੱਲਬਾਤ ਕਰਕੇ ਉਹਨਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰੇ।

ਉਕਤ ਆਗੂਆਂ ਨੇ ਆਖਿਆ ਕਿ ਪਿਛਲੇ ਦਿਨੀ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਨਾਲ ਵੀ ਇਸ ਤਰ੍ਹਾਂ ਦਾ ਹੀ ਦੁਰਵਿਵਹਾਰ ਕੀਤਾ ਗਿਆ ਹੈ। ਆਗੂਆਂ ਆਖਿਆ ਕਿ ਅੱਜ ਪੰਜਾਬ ਦੇ ਅੰਦਰ ਹੱਕ ਮੰਗਦੇ ਸੰਘਰਸ਼ੀ ਲੋਕਾਂ ਨੂੰ ਪੁਲਿਸ ਜਬਰ ਨਾਲ ਦਵਾਇਆ ਜਾ ਰਿਹਾ ਹੈ ਜੋ ਕਿਸੇ ਵੀ ਕੀਮਤ ਤੇ ਸਹਿਣ ਨੇ ਕੀਤਾ ਜਾਵੇਗਾ। ਆਗੂਆਂ ਸਾਰੇ ਹੀ ਸੰਘਰਸ਼ਸ਼ੀਲ ਲੋਕਾਂ ਨੂੰ ਇੱਕ ਪਲੇਟਫਾਰਮ ਤੇ ਇਕੱਠੇ ਹੋ ਕੇ ਇਸ ਜਾਬਰ ਸਰਕਾਰ ਦੇ ਖਿਲਾਫ ਲੜਨ ਦਾ ਸੱਦਾ ਦਿੱਤਾ। ਅੱਜ ਦੀ ਮੀਟਿੰਗ ਵਿੱਚ 17 ਮਈ ਦੀ ਜਲੰਧਰ ਕਨਵੈਂਸ਼ਨ ਦੇ ਫੈਸਲਿਆਂ ਨੂੰ ਲਾਗੂ ਕਰਨ ਹਿੱਤ ਫੈਸਲਾ ਕੀਤਾ ਗਿਆ ਕਿ 15 ਜੂਨ ਤੱਕ ਸਮੁੱਚੇ ਜਿਲਿਆਂ ਅੰਦਰ ਸਾਂਝਾ ਫਰੰਟ ਦੀਆਂ ਮੀਟਿੰਗਾਂ ਕਰਕੇ ਜਿਲਾ ਕਨਵੈਂਸ਼ਨਾਂ ਦੀਆਂ ਤਾਰੀਖਾਂ ਦਾ ਐਲਾਨ ਕੀਤਾ ਜਾਵੇਗਾ ਅਤੇ ਇਹਨਾਂ ਕਨਵੈਂਸ਼ਨਾਂ ਅੰਦਰ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਦੇ ਘਰਾਂ ਅੱਗੇ ਘੜੇ ਭਨ ਮੁਜ਼ਾਹਰੇ ਕਰਨ ਦੇ ਪ੍ਰੋਗਰਾਮ ਦੀ ਵਿਉਂਤਬੰਦੀ ਵੀ ਕੀਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਜਿਲਾ ਮੀਟਿੰਗਾਂ ਅਤੇ ਕਨਵੈਂਸ਼ਨਾਂ ਨੂੰ ਸਫਲ ਕਰਨ ਲਈ ਵੱਖ-ਵੱਖ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ।

## ਅਧਿਆਪਕ ਆਗੂ ਸ਼ਸ਼ੀਕਾਂਤ ਨੂੰ ਸਦਮਾ, ਮਾਤਾ ਦਾ ਦਿਹਾਂਤ

ਹੁਸ਼ਿਆਰਪੁਰ, 7 ਜੂਨ (ਆਵਾਜ਼ਿ ਕੌਮ ਬਿਊਰੋ)-ਗੌਰਮਿੰਟ ਟੀਚਰਜ਼ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂ ਸ਼ਸ਼ੀਕਾਂਤ ਦੀ ਮਾਤਾ ਸ਼੍ਰੀਮਤੀ ਬਿਆਸਾ ਦੇਵੀ ਦਾ ਸੰਖੇਪ ਬਿਮਾਰੀ ਤੋਂ ਬਾਅਦ ਬੀਤੀ 2 ਜੂਨ ਨੂੰ ਸਦੀਵੀ ਵਿਛੋੜੇ ਤੇ ਗੌਰਮਿੰਟ ਟੀਚਰਜ਼ ਯੂਨੀਅਨ ਦੇ ਅਮਨਦੀਪ ਸ਼ਰਮਾ, ਪ੍ਰਿਤਪਾਲ ਸਿੰਘ ਚੌਟਾਲਾ, ਸੁਨੀਲ ਸ਼ਰਮਾ, ਅਮਰ ਸਿੰਘ, ਰੱਜਤ ਮਹਾਜਨ, ਨਰੇਸ਼ ਮਿੱਡਾ, ਰਜੀਵ ਸ਼ਰਮਾ, ਹਿਤੇਸ਼ ਸ਼ਰਮਾ, ਦਵਿੰਦਰ ਹਲੇੜ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਹੁਦੇਦਾਰ ਜਸਵੀਰ ਸਿੰਘ ਤਲਵਾੜਾ, ਵਰਿੰਦਰ ਵਿੱਕੀ, ਸੱਤ ਪਰਕਾਸ਼, ਮਨਮੋਹਣ ਸਿੰਘ, ਨਿਰਮਲ ਸਿੰਘ ਬੱਧਣ, ਰਜਿੰਦਰ ਸਿੰਘ ਟੱਪਾ, ਪੈਨਸ਼ਨਰ ਆਗੂ ਗਿਆਨ ਸਿੰਘ ਗੁਪਤਾ, ਸ਼ਿਵ ਕੁਮਾਰ, ਕੇਹਰ ਸਿੰਘ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪ੍ਰਧਾਨ ਸ਼ਸ਼ੀਕਾਂਤ ਜੀ ਨੂੰ ਕਦੇ ਨਾ ਪੂਰਾ ਹੋਣ ਵਾਲਾ ਪਰਿਵਾਰਕ ਘਾਟਾ ਪਿਆ ਹੈ। ਜੱਥੇਬੰਦੀ ਵਾਹਿਗੁਰੂ ਅੱਗੇ ਅਰਦਾਸ ਕਰਦੀ ਹੈ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਅੰਤਿਮ ਅਰਦਾਸ ਰਸਮ ਪਗੜੀ 14 ਜੂਨ ਨੂੰ ਉਹਨਾਂ ਦੇ ਜੱਦੀ ਪਿੰਡ ਸਥਾਣਾ ਵਿਖੇ ਹੋਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243